PAIGAM-E-JAGAT

ਪੈ.ਗਾਮ-ਏ-ਜਗਤ

‘ਇੱਕ ਰਾਸ਼ਟਰ ਆਪਣੇ ਸ਼ਾਸਕਾਂ ਤੋਂ ਨਹੀਂ, ਸਗੋਂ ਆਪਣੇ ਨਾਗਰਿਕਾਂ ਤੋਂ ਬਣਦਾ ਹੈ।’
-ਡਾ. ਭੀਮਰਾਓ ਅੰਬੇਡਕਰ

Title code : CHAMUL00914 | E-mail : Info@paigamejagat.com | ਐਤਵਾਰ, 22 ਨਵੰਬਰ 2026, ਸਾਲ-4, ਅੰਕ-16, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਬਿਹਾਰ ਦੌਰਾ

ਪ੍ਰਧਾਨ ਮੰਤਰੀ ਮੋਦੀ ਨੇ ਨੀਤੀਸ਼ ਸੇਤੂ ਦਾ ਕੀਤਾ ਉਦਘਾਟਨ

ਗਮਛਾ ਲਹਿਰਾਇਆ, ਕਿਹਾ-ਜਿਸ ਬਿਹਾਰ ਵਿੱਚ ਘੁਟਾਲਿਆਂ ਦੀ ਗਿਣਤੀ ਹੁੰਦੀ ਸੀ, ਉੱਥੇ ਹੁਣ ਨਿਵੇਸ਼ ਦੇ ਅੰਕੜੇ ਸਾਹਮਣੇ ਆਉਂਦੇ ਹਨ

- ਇਸ ਪੁਲ ਦੇ ਨਿਰਮਾਣ ’ਤੇ ਲਗਭਗ 4,280 ਕਰੋੜ ਰੁਪਏ ਖਰਚ ਕੀਤੇ ਗਏ ਹਨ



ਪਟਨਾ, 21 ਨਵੰਬਰ (ਪੈ.ਗਾਮ-ਏ-ਜਗਤ)

ਬਿਹਾਰ ਦੇ ਮੁੱਖ ਮੰਤਰੀ ਨੀਤੀਸ਼ ਕੁਮਾਰ ਦੇ ਨਾਮ ’ਤੇ ਕੱਚੀ ਦਰਗਾਹ-ਬਿਦੁਪੁਰ ਛੇ ਮਾਰਗੀ ਪੁਲ ਦਾ ਨਾਮ ’ਨੀਤੀਸ਼ ਸੇਤੂ’ ਰੱਖਿਆ ਗਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਪੁਲ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਗਮਛਾ ਲਹਿਰਾ ਕੇ ਲੋਕਾਂ ਦਾ ਸਵਾਗਤ ਵੀ ਕੀਤਾ।

ਇਹ ਪੁਲ ਪਟਨਾ ਜ਼ਿਲ੍ਹੇ ਦੇ ਕੱਚੀ ਦਰਗਾਹ ਨੂੰ ਵੈਸ਼ਾਲੀ ਜ਼ਿਲ੍ਹੇ ਦੇ ਬਿਦੁਪੁਰ ਨਾਲ ਜੋੜਦਾ ਹੈ। ਇਸ ਪ੍ਰੋਜੈਕਟ ਦੀ ਕੁੱਲ ਲੰਬਾਈ ਲਗਭਗ 19.7 ਕਿਲੋਮੀਟਰ ਹੈ, ਜਿਸ ਵਿੱਚ ਕਰੀਬ 9.7 ਕਿਲੋਮੀਟਰ ਮੁੱਖ ਪੁਲ ਅਤੇ 10 ਕਿਲੋਮੀਟਰ ਸੰਪਰਕ ਸੜਕਾਂ ਸ਼ਾਮਲ ਹਨ। ਇਸ ਪੁਲ ਦੇ ਸ਼ੁਰੂ ਹੋਣ ਨਾਲ ਉੱਤਰੀ ਅਤੇ ਦੱਖਣੀ ਬਿਹਾਰ ਵਿਚਕਾਰ ਆਵਾਜਾਈ ਆਸਾਨ ਹੋਣ ਦੀ ਉਮੀਦ ਹੈ। ਇਸ ਦੇ ਨਾਲ ਹੀ ਮਹਾਤਮਾ ਗਾਂਧੀ ਸੇਤੂ ਅਤੇ ਜੇਪੀ ਸੇਤੂ ’ਤੇ ਵਾਹਨਾਂ ਦਾ ਦਬਾਅ ਵੀ ਘੱਟ ਹੋਣ ਦੀ ਸੰਭਾਵਨਾ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਿਹਾਰ ਦੇ ਵੈਸ਼ਾਲੀ ਵਿੱਚ ਇੱਕ ਜਨਸਭਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਿਹਾਰ ਨੇ ਲੰਮਾ ਸਫ਼ਰ ਤੈਅ ਕਰਦਿਆਂ ਵਿਕਾਸ ਦੀ ਨਵੀਂ ਦਿਸ਼ਾ ਵੱਲ ਕਦਮ ਵਧਾਏ ਹਨ। ਇੱਕ ਸਮਾਂ ਸੀ ਜਦੋਂ ਸੂਬੇ ਦੇ ਹਜ਼ਾਰਾਂ ਪਿੰਡਾਂ ਵਿੱਚ ਬਿਜਲੀ ਨਹੀਂ ਪਹੁੰਚੀ ਸੀ, ਪਰ ਅੱਜ ਬਿਹਾਰ ਬਿਜਲੀ ਉਤਪਾਦਨ ਦਾ ਇੱਕ ਵੱਡਾ ਕੇਂਦਰ ਬਣਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਐੱਨਡੀਏ ਸਰਕਾਰ ਦੇ ਕਾਰਜਕਾਲ ਦੌਰਾਨ ਬਿਹਾਰ ਵਿੱਚ ਵਿਕਾਸ ਦੀ ਰਫ਼ਤਾਰ ਵਧੀ ਹੈ ਅਤੇ ਇਸ ਦਾ ਪ੍ਰਭਾਵ ਸੂਬੇ ਦੇ ਵੱਖ-ਵੱਖ ਖੇਤਰਾਂ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਪ੍ਰਧਾਨ ਮੰਤਰੀ ਨੇ ਦੱਸਿਆ ਕਿ ਸ਼ਹਿਰੀ ਆਵਾਜਾਈ ਨੂੰ ਸੁਵਿਧਾਜਨਕ ਬਣਾਉਣ ਲਈ 100 ਆਧੁਨਿਕ ਪੀਐੱਮ (ਬਾਕੀ ਸਫ਼ਾ 2 ’ਤੇ)

ਪੁਲ ’ਤੇ ਸੈਰ ਕਰਦਿਆਂ ਨਿਤੀਸ਼ ਨੂੰ ਗਲੇ ਲਗਾਇਆ ਅਤੇ ਆਪਣਾ ‘ਗਮਛਾ’ ਲਹਿਰਾਇਆ



ਬਿਹਾਰ ਦੇ ਦੌਰੇ ’ਤੇ ਪਹੁੰਚੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸ਼ਨੀਵਾਰ ਨੂੰ ਇੱਕ ਵੱਖਰੇ ਹੀ ਅੰਦਾਜ਼ ਵਿੱਚ ਨਜ਼ਰ ਆਏ। ਵੈਸ਼ਾਲੀ ਵਿੱਚ ’ਨਿਤੀਸ਼ ਸੇਤੂ’ ਦੇ ਉਦਘਾਟਨ ਦੌਰਾਨ, ਉਨ੍ਹਾਂ ਨੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੂੰ ਗਲੇ ਲਗਾਇਆ। ਇਸ ਤੋਂ ਬਾਅਦ ਦੋਵਾਂ ਆਗੂਆਂ ਨੇ ਸਮਾਗਮ ਵਿੱਚ ਹਿੱਸਾ ਲਿਆ। ਉਦਘਾਟਨ ਤੋਂ ਬਾਅਦ, ਪ੍ਰਧਾਨ ਮੰਤਰੀ ਮੋਦੀ ਪੁਲ ’ਤੇ ਸੈਰ ਕਰਦੇ ਹੋਏ ਦਿਖਾਈ ਦਿੱਤੇ, ਜਿਸ ਦੌਰਾਨ ਉਨ੍ਹਾਂ ਨੇ ਲੋਕਾਂ ਦਾ ਅਭਿਵਾਦਨ ਕਰਨ ਲਈ ਆਪਣਾ ’ਗਮਛਾ’ (ਰਵਾਇਤੀ ਅੰਗੋਛਾ) ਵੀ ਲਹਿਰਾਇਆ। ਪ੍ਰਧਾਨ ਮੰਤਰੀ ਦੇ ਦੌਰੇ ਅਤੇ ’ਨਿਤੀਸ਼ ਸੇਤੂ’ ਦੇ ਉਦਘਾਟਨ ਦੀਆਂ ਕਈ ਤਸਵੀਰਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚ ਦੋਵਾਂ ਆਗੂਆਂ ਦੀ ਮੁਲਾਕਾਤ ਤੋਂ ਲੈ ਕੇ ਪੁਲ ’ਤੇ ਪ੍ਰਧਾਨ ਮੰਤਰੀ ਦੇ ਵਿਲੱਖਣ ਅੰਦਾਜ਼ ਤੱਕ ਦੇ ਪਲ ਕੈਦ ਹੋਏ ਹਨ।

ਲਖਨਊ ਵਿੱਚ ਇੱਕ ਆਈ.ਟੀ.ਆਈ. ਸਮਾਗਮ ਦੌਰਾਨ ਬੋਲਦਿਆਂ ਉਨ੍ਹਾਂ ਕਿਹਾ

ਕੋਈ ਵੀ ਏ.ਆਈ. ਤੁਹਾਡੀ ਰੋਜ਼ੀ-ਰੋਟੀ ਨਹੀਂ ਖੋਹ ਸਕਦਾ : ਮੋਦੀ

- ਜਿਨ੍ਹਾਂ ਕੋਲ ਹੁਨਰ ਹੈ, ਉਨ੍ਹਾਂ ਦੀ ਮੰਗ ਹਮੇਸ਼ਾ ਰਹੇਗੀ : ਪ੍ਰਧਾਨ ਮੰਤਰੀ



ਲਖਨਊ, 21 ਨਵੰਬਰ (ਪੈਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨੀਵਾਰ ਨੂੰ ਲਖਨਊ ਵਿੱਚ 5ਵੇਂ ਰਾਸ਼ਟਰੀ ਹੁਨਰ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ, ਉਨ੍ਹਾਂ ਨੇ ਦੇਸ਼ ਭਰ ਤੋਂ ਆਏ ਰਾਸ਼ਟਰੀ ਪੱਧਰ ’ਤੇ ਮੋਹਰੀ ਰਹੇ (ਟੌਪਰ) ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।

ਪ੍ਰਧਾਨ ਮੰਤਰੀ ਨੇ ਕਿਹਾ, ਤੁਸੀਂ ਆਈ.ਟੀ.ਆਈ. ਵਿੱਚ ਜੋ ਹੁਨਰ ਸਿੱਖਿਆ ਹੈ, ਉਹ ਅੱਜ ਭਾਰਤ ਦੀ ਊਰਜਾ ਹੈ, ਤੁਸੀਂ ਹੀ ਉਹ ਲੋਕ ਹੋ ਜੋ ’ਵਿਕਸਿਤ ਭਾਰਤ’ ਦਾ ਨਿਰਮਾਣ ਕਰੋਗੇ। ਇਸ ਗੱਲ ਨੂੰ ਚੰਗੀ ਤਰ੍ਹਾਂ ਸਮਝ ਲਵੋ: ਜਿਸ ਕੋਲ ਹੁਨਰ ਹੈ, ਉਸ ਦੀ ਰੋਜ਼ੀ-ਰੋਟੀ ਕੋਈ ਨਹੀਂ ਖੋਹ ਸਕਦਾ।÷ ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਮੋਦੀ ਨੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨਾਲ ਗੱਲਬਾਤ ਕੀਤੀ। ਮੁੱਖ ਮੰਤਰੀ ਯੋਗੀ ਅੱਜ ਦੁਪਹਿਰ ਲਖਨਊ ਪਹੁੰਚੇ; ਇਸ ਤੋਂ ਪਹਿਲਾਂ ਉਨ੍ਹਾਂ ਨੇ ਹਰਿਦੁਆਰ ਵਿੱਚ ਆਪਣੀ ਮਾਤਾ ਸਾਵਿਤਰੀ ਦੇਵੀ ਦਾ ਅੰਤਿਮ ਸੰਸਕਾਰ ਕੀਤਾ ਸੀ।

ਮੋਦੀ ਨੇ ਕਿਹਾ, ਭਾਵੇਂ ਕੋਈ ਡਾਕਟਰ ਕਿੰਨਾ ਵੀ ਵੱਡਾ ਕਿਉਂ ਨਾ ਹੋਵੇ, ਉਹ ਤੁਹਾਡੇ ਯੋਗਦਾਨ ਤੋਂ ਬਿਨਾਂ ਇੱਕ ਵੀ ਮਰੀਜ਼ ਦਾ ਇਲਾਜ ਨਹੀਂ ਕਰ ਸਕਦਾ। ਤੁਹਾਡੇ ਕੋਲ ਇਹ ਤਾਕਤ ਹੈ, ਅਤੇ ਮੈਂ ਇੱਥੇ ਤੁਹਾਨੂੰ ਇਸ ਗੱਲ ਦਾ ਅਹਿਸਾਸ ਕਰਵਾਉਣ ਆਇਆ ਹਾਂ—ਤੁਹਾਨੂੰ ਸਨਮਾਨਿਤ ਕਰਨ ਅਤੇ ਤੁਹਾਡੇ ਕੰਮ ਦਾ ਜਸ਼ਨ ਮਨਾਉਣ ਲਈ—ਕਿਉਂਕਿ ਮੈਂ ਜਾਣਦਾ ਹਾਂ ਕਿ ਆਈ.ਟੀ.ਆਈ. ਸਾਡੇ ਦੇਸ਼ ਦੇ ਸ਼ਾਨਦਾਰ ਭਵਿੱਖ ਦੀ ਨੀਂਹ ਰੱਖਣ ਜਾ ਰਹੀਆਂ ਹਨ। ਤੁਸੀਂ ਅਕਸਰ ਸੁਣਦੇ ਹੋਵੋਗੇ ਕਿ ਵੱਖ-ਵੱਖ ਦੇਸ਼ਾਂ ਨਾਲ ਵਪਾਰਕ ਸਮਝੌਤੇ ਹੋ ਰਹੇ ਹਨ; ਇਹ ਸਭ ਤੁਹਾਡੇ ਫਾਇਦੇ ਲਈ ਹੀ ਹੋ ਰਿਹਾ ਹੈ। (ਬਾਕੀ ਸਫ਼ਾ 2 ’ਤੇ)

ਅੰਮ੍ਰਿਤਪਾਲ ਸਿੰਘ ਸਖ਼ਤ ਸੁਰੱਖਿਆ ਹੇਠ ਦਾਦੀ ਦੇ ਸਸਕਾਰ ’ਚ ਹੋਏ ਸ਼ਾਮਲ; ਲੱਖਾਂ ਦੀ ਗਿਣਤੀ ’ਚ ਪਹੁੰਚੇ ਲੋਕ

- 3 ਸਾਲ 7 ਮਹੀਨਿਆਂ ਤੋਂ ਵੱਧ ਸਮੇਂ ਬਾਅਦ ਪਰਿਵਾਰ ਵਿਚਕਾਰ ਪਹੁੰਚੇ ਅੰਮ੍ਰਿਤਪਾਲ ਨੇ ਹੱਥ ਜੋੜ ਕੇ ਸੰਗਤ ਦਾ ਕੀਤਾ ਧੰਨਵਾਦ



ਅੰਮ੍ਰਿਤਸਰ, 21 ਨਵੰਬਰ (ਪੈ.ਗਾਮ-ਏ-ਜਗਤ)

ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਸਵਰਗੀ ਦਾਦੀ ਮਾਤਾ ਚਰਨ ਕੌਰ ਦਾ ਅੱਜ ਉਨ੍ਹਾਂ ਦੇ ਜੱਦੀ ਪਿੰਡ ਜੱਲੂਪੁਰ ਖੇੜਾ ਵਿਖੇ ਅੰਤਿਮ ਸਸਕਾਰ ਕਰ ਦਿੱਤਾ ਗਿਆ ਅਤੇ ਉਨ੍ਹਾਂ ਦੀ ਮ੍ਰਿਤਕ ਦੇਹ ਪੰਜ ਤੱਤਾਂ ਵਿੱਚ ਵਿਲੀਨ ਹੋ ਗਈ। ਸੂਤਰਾਂ ਅਨੁਸਾਰ, ਮਾਤਾ ਚਰਨ ਕੌਰ ਦਾ ਅੰਤਿਮ ਸਸਕਾਰ ਉਨ੍ਹਾਂ ਦੇ ਜੱਦੀ ਖੇਤ ਵਿੱਚ ਕੀਤਾ ਗਿਆ, ਜਿੱਥੇ ਕਰੀਬ ਪੰਜ ਏਕੜ ਰਕਬੇ ਵਿੱਚ ਸਸਕਾਰ ਸਮਾਗਮ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਹਿਰਾਸਤੀ ਪੈਰੋਲ ’ਤੇ ਪੁੱਜੇ ਅੰਮ੍ਰਿਤਪਾਲ ਸਿੰਘ ਪੁਲੀਸ ਸੁਰੱਖਿਆ ਹੇਠ ਅੰਤਿਮ ਰਸਮਾਂ ਦੌਰਾਨ ਕੋਲ ਮੌਜੂਦ ਰਹੇ ਅਤੇ ਇਸ ਮੌਕੇ ਉਨ੍ਹਾਂ ਨੇ ਹੱਥ ਜੋੜ ਕੇ ਲੋਕਾਂ ਦਾ ਧੰਨਵਾਦ ਕੀਤਾ।ਇਸ ਤੋਂ ਪਹਿਲਾਂ ਮਾਤਾ ਚਰਨ ਕੌਰ ਦੀ ਮ੍ਰਿਤਕ ਦੇਹ ਨੂੰ ਅੰਤਿਮ ਸਸਕਾਰ ਲਈ ਉਨ੍ਹਾਂ ਦੇ ਜੱਦੀ ਘਰ ਤੋਂ ਇੱਕ ਸਜਾਈ ਹੋਈ ਟਰਾਲੀ ਰਾਹੀਂ ਸਸਕਾਰ ਵਾਲੀ ਥਾਂ ਵੱਲ ਰਵਾਨਾ ਕੀਤਾ ਗਿਆ।

ਇਸ ਅੰਤਿਮ ਯਾਤਰਾ ਵਿੱਚ ਪਰਿਵਾਰਕ ਮੈਂਬਰਾਂ, ‘ਵਾਰਿਸ ਪੰਜਾਬ ਦੇ’ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਅਤੇ ਪਾਰਟੀ ਸਮਰਥਕਾਂ ਨੇ ਸ਼ਮੂਲੀਅਤ ਕਰਕੇ ਨਮ ਅੱਖਾਂ ਨਾਲ ਵਿਛੜੀ ਰੂਹ ਨੂੰ ਅੰਤਿਮ ਵਿਦਾਇਗੀ ਦਿੱਤੀ। ਪਾਰਟੀ ਆਗੂ ਸ਼ਮਸ਼ੇਰ ਸਿੰਘ ਪੱਧਰੀ ਨੇ ਦੱਸਿਆ ਕਿ ਰਾਗੀ ਜੱਥਿਆਂ ਵੱਲੋਂ ਵੈਰਾਗਮਈ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਸੰਗਤ ਦੀ ਵੱਡੀ ਆਮਦ ਨੂੰ ਦੇਖਦੇ ਹੋਏ ਚਾਰ ਵੱਖ-ਵੱਖ ਥਾਵਾਂ ’ਤੇ ਪਾਰਕਿੰਗ ਸਟੈਂਡ ਤੇ ਲੰਗਰ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਦੂਜੇ ਪਾਸੇ, ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਆਮਦ ਦੇ ਮੱਦੇਨਜ਼ਰ ਪੁਲੀਸ ਪ੍ਰਸ਼ਾਸਨ ਵੱਲੋਂ ਪੂਰੇ ਪਿੰਡ ਨੂੰ ਛਾਉਣੀ ਵਿੱਚ ਤਬਦੀਲ ਕਰਦਿਆਂ ਸੁਰੱਖਿਆ ਦੇ ਬੇਹੱਦ ਸਖ਼ਤ ਪ੍ਰਬੰਧ ਕੀਤੇ ਗਏ ਸਨ ਅਤੇ ਰਸਤਿਆਂ ਵਿੱਚ ਥਾਂ-ਥਾਂ ਨਾਕੇ ਲਾਏ ਗਏ ਸਨ। ਅੰਮ੍ਰਿਤਪਾਲ ਸਿੰਘ ਪੁਲੀਸ ਦੀ ਇੱਕ ਬਖਤਰਬੰਦ ਗੱਡੀ ਵਿੱਚ ਸੁਰੱਖਿਆ ਕਰਮਚਾਰੀਆਂ ਦੇ ਘੇਰੇ ਹੇਠ ਪਿੰਡ ਪੁੱਜੇ ਸਨ। (ਬਾਕੀ ਸਫ਼ਾ 2 ’ਤੇ)

ਅਮਰੀਕਾ ਵਿੱਚ ਭਾਰਤੀ ਨਾਗਰਿਕ ਨੂੰ 19 ਸਾਲ ਦੀ ਸਜ਼ਾ

- ਖਾਲਿਸਤਾਨੀ ਅੱਤਵਾਦੀ ਪੰਨੂ ਦੇ ਕਤਲ ਦੀ ਸਾਜ਼ਿਸ਼ ਵਿੱਚ ਨਿਖਿਲ ਗੁਪਤਾ ਦੋਸ਼ੀ ਕਰਾਰ; ਅਦਾਲਤ ਵਿੱਚ ਪੰਨੂ ਤੋਂ ਮੰਗੀ ਮੁਆਫੀ



ਨਿਊਯਾਰਕ, 21 ਨਵੰਬਰ (ਪੈ.ਗਾਮ-ਏ-ਜਗਤ)

ਅਮਰੀਕਾ ਦੀ ਇੱਕ ਅਦਾਲਤ ਨੇ ਭਾਰਤੀ ਨਾਗਰਿਕ ਨਿਖਿਲ ਗੁਪਤਾ ਨੂੰ ਖਾਲਿਸਤਾਨੀ ਅੱਤਵਾਦੀ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ 19 ਸਾਲ ਅਤੇ 7 ਮਹੀਨੇ ਦੀ ਕੈਦ ਦੀ ਸਜ਼ਾ ਸੁਣਾਈ ਹੈ। ਇਸ ਸਾਲ ਦੇ ਸ਼ੁਰੂ ਵਿੱਚ, 55 ਸਾਲਾ ਨਿਖਿਲ ਨੇ ਪੈਸੇ ਦੇ ਬਦਲੇ ਕਤਲ ਕਰਨ, ਅਜਿਹੀ ਹੱਤਿਆ ਦੀ ਸਾਜ਼ਿਸ਼ ਰਚਣ ਅਤੇ ਮਨੀ ਲਾਂਡਰਿੰਗ ਦੇ ਦੋਸ਼ਾਂ ਨੂੰ ਕਬੂਲ ਕਰ ਲਿਆ ਸੀ।

ਸ਼ੁੱਕਰਵਾਰ ਨੂੰ ਸਜ਼ਾ ਸੁਣਾਉਣ ਦੀ ਸੁਣਵਾਈ ਦੌਰਾਨ, ਨਿਖਿਲ ਨੇ ਅਦਾਲਤ ਵਿੱਚ ਪੰਨੂ ਤੋਂ ਮੁਆਫੀ ਮੰਗੀ। ਉਸਨੇ ਕਿਹਾ ਕਿ ਉਸਨੂੰ ਆਪਣੇ ਕੀਤੇ ’ਤੇ ਪਛਤਾਵਾ ਹੈ ਅਤੇ ਜੋ ਕੁਝ ਹੋ ਚੁੱਕਾ ਹੈ, ਉਸਨੂੰ ਬਦਲਿਆ ਨਹੀਂ ਜਾ ਸਕਦਾ। ਨਿਊਯਾਰਕ ਦੇ ਦੱਖਣੀ ਜ਼ਿਲ੍ਹੇ ਲਈ ਅਮਰੀਕੀ ਜ਼ਿਲ੍ਹਾ ਅਦਾਲਤ ਦੇ ਜੱਜ ਵਿਕਟਰ ਮਰੇਰੋ ਨੇ ਲਗਭਗ 80 ਮਿੰਟ ਚੱਲੀ ਸੁਣਵਾਈ ਤੋਂ ਬਾਅਦ ਇਹ ਸਜ਼ਾ ਸੁਣਾਈ।

ਨਿਖਿਲ ਨੇ ਕਿਹਾ, ਮੈਂ ਪੰਨੂ ਅਤੇ ਸਿੱਖ ਭਾਈਚਾਰੇ ਤੋਂ ਮੁਆਫੀ ਮੰਗਦਾ ਹਾਂ। ਲਗਭਗ ਛੇ ਮਿੰਟ ਤੱਕ ਅੰਗਰੇਜ਼ੀ ਵਿੱਚ ਬੋਲਦਿਆਂ, ਨਿਖਿਲ ਨੇ ਮਹਾਤਮਾ ਗਾਂਧੀ, ਮਦਰ ਟੇਰੇਸਾ, ਨੈਲਸਨ ਮੰਡੇਲਾ ਅਤੇ ਮਾਰਟਿਨ ਲੂਥਰ ਕਿੰਗ ਵਰਗੀਆਂ ਸ਼ਖਸੀਅਤਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਉਸਦੀ ਇੱਛਾ ਇਨ੍ਹਾਂ ਆਗੂਆਂ ਦੁਆਰਾ ਦਿਖਾਏ ਗਏ ਰਾਹ ’ਤੇ ਚੱਲਣ ਦੀ ਸੀ। ਪੰਨੂ ਵੱਲ ਮੁਖਾਤਿਬ ਹੁੰਦਿਆਂ ਉਸਨੇ (ਬਾਕੀ ਸਫ਼ਾ 2 ’ਤੇ)

ਸੋਨੇ-ਚਾਂਦੀ ਦੀਆਂ ਕੀਮਤਾਂ ਨੂੰ ਮੁੜ ਢਾਹ; ਸੋਨਾ 3,874 ਰੁਪਏ ਤੇ ਚਾਂਦੀ 8,651 ਰੁਪਏ ਡਿੱਗੀ

ਸੋਨਾ-ਚਾਂਦੀ ਦੀਆਂ ਕੀਮਤਾਂ ਹੋਰ ਡਿੱਗਣ ਦੀ ਉਮੀਦ



ਚੰਡੀਗੜ੍ਹ, 21 ਨਵੰਬਰ (ਪੈ.ਗਾਮ-ਏ-ਜਗਤ)

ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਗਿਰਾਵਟ ਦਾ ਸਿਲਸਿਲਾ ਜਾਰੀ ਹੈ। ਸ਼ਨਿਚਰਵਾਰ ਨੂੰ ਵੀ ਦੋਵਾਂ ਕੀਮਤੀ ਧਾਤਾਂ ਦੇ ਭਾਅ ਵਿੱਚ ਵੱਡੀ ਕਮੀ ਦਰਜ ਕੀਤੀ ਗਈ।

ਜਾਣਕਾਰੀ ਅਨੁਸਾਰ 24 ਕੈਰੇਟ ਸੋਨਾ 3,874 ਰੁਪਏ ਪ੍ਰਤੀ 10 ਗ੍ਰਾਮ ਸਸਤਾ ਹੋ ਕੇ 1,28,042 ਰੁਪਏ ’ਤੇ ਆ ਗਿਆ। ਇਸੇ ਤਰ੍ਹਾਂ ਚਾਂਦੀ ਦੀ ਕੀਮਤ ਵਿੱਚ 8,651 ਰੁਪਏ ਪ੍ਰਤੀ ਕਿਲੋ ਦੀ ਗਿਰਾਵਟ ਆਈ ਅਤੇ ਇਸ ਦਾ ਭਾਅ 1,53,731 ਰੁਪਏ ਰਹਿ ਗਿਆ। ਇਸ ਗਿਰਾਵਟ ਨਾਲ ਗਹਿਣੇ ਖਰੀਦਣ ਦੀ ਯੋਜਨਾ ਬਣਾ ਰਹੇ ਲੋਕਾਂ ਨੂੰ ਕੁਝ ਰਾਹਤ ਮਿਲੀ ਹੈ।

ਆਲ ਇੰਡੀਆ ਬੁਲੀਅਨ ਦੇ 21 ਨਵੰਬਰ ਦੇ ਅੰਕੜਿਆਂ ਅਨੁਸਾਰ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਪਿਛਲੇ ਹਫ਼ਤੇ ਤੋਂ ਦਬਾਅ ਹੇਠ ਹਨ। 22 ਕੈਰੇਟ ਸੋਨੇ ਦਾ ਭਾਅ ਵੀ 1,17,286 ਰੁਪਏ ਪ੍ਰਤੀ 10 ਗ੍ਰਾਮ ਦਰਜ ਕੀਤਾ ਗਿਆ। ਚਾਂਦੀ ਦੀ ਕੀਮਤ ਵਿੱਚ ਇਕ ਦਿਨ ਦੀ ਗਿਰਾਵਟ 5.33 ਫ਼ੀਸਦੀ ਰਹੀ, ਜਦਕਿ 24 ਕੈਰੇਟ ਸੋਨੇ ਵਿੱਚ 2.94 ਫ਼ੀਸਦੀ ਦੀ ਕਮੀ ਦਰਜ ਕੀਤੀ ਗਈ। ਕੌਮਾਂਤਰੀ ਬਾਜ਼ਾਰ ਵਿੱਚ ਵੀ ਸੋਨੇ ਅਤੇ (ਬਾਕੀ ਸਫ਼ਾ 2 ’ਤੇ)

ਸ਼ੇਅਰ ਬਾਜ਼ਾਰ ’ਚ ਜ਼ਬਰਦਸਤ ਉਛਾਲ



ਪਿਛਲੇ ਹਫ਼ਤੇ ਭਾਰਤੀ ਸਟਾਕ ਬਾਜ਼ਾਰ ਵਿੱਚ ਜ਼ੋਰਦਾਰ ਦੇਖਣ ਨੂੰ ਮਿਲੀ ਹੈ। ਸੈਂਸੈਕਸ 2,300 ਅੰਕਾਂ ਤੋਂ ਵੱਧ ਚੜ੍ਹਿ ਆ। ਪੀ.ਐਸ.ਯੂ. ਬੈਂਕ ਸ਼ੇਅਰਾਂ ਵਿੱਚ 6.72% ਦਾ ਸਭ ਤੋਂ ਵੱਡਾ ਵਾਧਾ ਦੇਖਿਆ ਗਿਆ। ਧਾਤੂ ਸਟਾਕ 2.94% ਡਿੱਗ ਗਏ। ਬਾਜ਼ਾਰ 25,500 ਅਤੇ 83,000 ਦੇ ਮਹੱਤਵਪੂਰਨ ਪੱਧਰਾਂ ਨੂੰ ਪਾਰ ਕਰ ਗਿਆ ਹੈ। ਜਿੰਨਾ ਚਿਰ ਬਾਜ਼ਾਰ ਇਨ੍ਹਾਂ ਪੱਧਰਾਂ ਤੋਂ ਉੱਪਰ ਰਹਿੰਦਾ ਹੈ, ਇੱਕ ਰੈਲੀ ਸੰਭਵ ਹੈ। ਨਿਫਟੀ 26,000 ਤੋਂ 26,300 ਤੱਕ ਅਤੇ ਸੈਂਸੈਕਸ 84,500 ਤੋਂ 85,000 ਤੱਕ ਪਹੁੰਚ ਸਕਦਾ ਹੈ। ਸੋਨਾ ਅਤੇ ਚਾਂਦੀ ਦਬਾਅ ਹੇਠ ਹਨ। ਫੈਡਰਲ ਰਿਜ਼ਰਵ ਦੇ ਸਖ਼ਤ ਰੁਖ, ਡਾਲਰ ਦੀ ਮਜ਼ਬੂਤੀ ਅਤੇ 19 ਸਟਾਕਾਂ ਦੀ ਵਿਕਰੀ ਨੇ ਨਕਦੀ ਦੀ ਮੰਗ ਵਧਾ ਦਿੱਤੀ ਹੈ। ਇਸ ਨਾਲ ਸੋਨੇ ਅਤੇ ਚਾਂਦੀ ਵਿੱਚ ਗਿਰਾਵਟ ਆਈ ਹੈ। ਸ਼ੁਰੂਆਤੀ ਵਾਧੇ ਤੋਂ ਬਾਅਦ ਕੱਚੇ ਤੇਲ ਦੀਆਂ ਕੀਮਤਾਂ ਨਰਮ ਹੋ ਗਈਆਂ ਹਨ। (ਬਾਕੀ ਸਫ਼ਾ 2 ’ਤੇ)

ਬੰਗਲਾਦੇਸ਼ ਵਿੱਚ ਹਸੀਨਾ ਦੇ ਸਮਰਥਕਾਂ ਦੇ 50 ਘਰ ਸਾੜੇ ਗਏ

- ਪ

ਛੇ ਪਿੰਡਾਂ ਦੇ 1,236 ਪਰਿਵਾਰਾਂ ਦੇ ਹੱਥਾਂ ਵਿੱਚ ਪੁੱਜੇ ਘਰਾਂ ਦੀ ਮਾਲਕੀ ਦੇ ਦਸਤਾਵੇਜ਼ : ਬਰਿੰਦਰ ਕੁਮਾਰ ਗੋਇਲ

- ਕੈਬਨਿਟ ਮੰਤਰੀ ਨੇ ਢੀਂਡਸਾ, ਭੁਟਾਲ ਖੁਰਦ, ਰਾਜਲਹੇੜੀ, ਸੁਰਜਨ ਭੈਣੀ, ਗੁਰਨੇ ਕਲਾਂ ਅਤੇ ਗੁਰਨੇ ਖੁਰਦ ਵਿੱਚ 'ਮੇਰਾ ਘਰ ਮੇਰੇ ਨਾਮ' ਮੁਹਿੰਮ ਤਹਿਤ ਪ੍ਰਾਪਰਟੀ ਕਾਰਡ ਵੰਡੇ



ਲਹਿਰਾਗਾਗਾ (ਸੰਗਰੂਰ), 21 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ 'ਮੇਰਾ ਘਰ ਮੇਰੇ ਨਾਮ' ਮੁਹਿੰਮ ਤਹਿਤ ਲਹਿਰਾ ਵਿਧਾਨ ਸਭਾ ਹਲਕੇ ਦੇ ਛੇ ਪਿੰਡਾਂ ਦੇ 1,236 ਲਾਭਪਾਤਰੀ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਦੇ ਪ੍ਰਾਪਰਟੀ ਕਾਰਡ ਸੌਂਪੇ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਪਰਿਵਾਰਾਂ ਲਈ ਮਾਲਕੀ ਦਾ ਦਸਤਾਵੇਜ਼ ਮਿਲਣਾ ਖੁਸ਼ੀ ਦੇ ਨਾਲ-ਨਾਲ ਆਪਣੇ ਹੱਕ ਦੀ ਪਛਾਣ ਮਿਲਣ ਦਾ ਪਲ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿੰਡ ਢੀਂਡਸਾ ਦੇ 210, ਭੁਟਾਲ ਖੁਰਦ ਦੇ 404, ਰਾਜਲਹੇੜੀ ਦੇ 138, ਸੁਰਜਨ ਭੈਣੀ ਦੇ 180, ਗੁਰਨੇ ਕਲਾਂ ਦੇ 189 ਅਤੇ ਗੁਰਨੇ ਖੁਰਦ ਦੇ 115 ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਹਰ ਕਾਰਡ ਪਿੱਛੇ ਇੱਕ ਪਰਿਵਾਰ ਦੀ ਆਪਣੇ ਘਰ ਨਾਲ ਜੁੜੀ ਲੰਮੀ ਸਾਂਝ ਹੈ। ਹੁਣ ਉਸ ਸਾਂਝ ਨੂੰ ਮਾਲਕੀ ਦੇ ਦਸਤਾਵੇਜ਼ ਦਾ ਆਧਾਰ ਵੀ ਮਿਲਿਆ ਹੈ।

ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੇ ਜੀਵਨ ਨਾਲ ਸਿੱਧੇ ਤੌਰ 'ਤੇ ਜੁੜੇ ਮਸਲਿਆਂ ਦੇ ਹੱਲ ਨੂੰ ਤਰਜੀਹ ਦੇ ਰਹੀ ਹੈ। 'ਮੇਰਾ ਘਰ ਮੇਰੇ ਨਾਮ' ਮੁਹਿੰਮ ਇਸੇ ਦਿਸ਼ਾ ਵਿੱਚ ਅਹਿਮ ਉਪਰਾਲਾ ਹੈ। ਇਸ ਤਹਿਤ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ ਸਬੂਤ ਦਿੱਤਾ ਜਾ ਰਿਹਾ ਹੈ, ਜਿਸ ਨਾਲ ਜਾਇਦਾਦ ਸਬੰਧੀ ਰਿਕਾਰਡ ਵਿੱਚ ਸਪੱਸ਼ਟਤਾ ਆਉਂਦੀ ਹੈ।

ਉਨ੍ਹਾਂ ਕਿਹਾ, "ਘਰ ਪਰਿਵਾਰ ਦੀਆਂ ਯਾਦਾਂ, ਮਿਹਨਤ ਅਤੇ ਭਵਿੱਖ ਦੀਆਂ ਉਮੀਦਾਂ ਨਾਲ ਜੁੜਿਆ ਹੁੰਦਾ ਹੈ। ਜਦੋਂ ਉਸ ਘਰ ਦੀ ਮਾਲਕੀ ਦਾ ਦਸਤਾਵੇਜ਼ ਪਰਿਵਾਰ ਦੇ ਹੱਥ ਵਿੱਚ ਆਉਂਦਾ ਹੈ, ਤਾਂ ਉਸ ਨੂੰ ਆਪਣੇ ਹੱਕ ਬਾਰੇ ਭਰੋਸਾ ਮਿਲਦਾ ਹੈ। ਸਾਡੀ ਕੋਸ਼ਿਸ਼ ਹੈ ਕਿ ਹਲਕੇ ਦੇ ਹਰ ਯੋਗ ਪਰਿਵਾਰ ਤੱਕ ਇਹ ਲਾਭ ਪਹੁੰਚੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਪ੍ਰਾਪਰਟੀ ਕਾਰਡ ਵੰਡਣ ਦੀ ਪ੍ਰਕਿਰਿਆ ਨੂੰ ਪਿੰਡ ਪੱਧਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਬੇਲੋੜੇ ਚੱਕਰ ਨਾ ਲਗਾਉਣੇ ਪੈਣ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਬਾਕੀ ਰਹਿੰਦੇ ਯੋਗ ਮਾਮਲਿਆਂ ਦੀ ਜਾਂਚ ਅਤੇ ਕਾਰਵਾਈ ਨਿਯਮਾਂ ਅਨੁਸਾਰ ਸਮੇਂ ਸਿਰ ਕੀਤੀ ਜਾਵੇ। ਜੇਕਰ ਕਿਸੇ ਪਰਿਵਾਰ ਨੂੰ ਆਪਣੇ ਵੇਰਵਿਆਂ ਸਬੰਧੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਸ ਦੀ ਗੱਲ ਸੁਣ ਕੇ ਢੁੱਕਵੀਂ ਕਾਰਵਾਈ ਕੀਤੀ ਜਾਵੇ।

ਗੋਇਲ ਨੇ ਅੱਗੇ ਕਿਹਾ ਕਿ ਲਹਿਰਾ ਹਲਕੇ ਵਿੱਚ ਵਿਕਾਸ ਕਾਰਜਾਂ ਦੇ ਨਾਲ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿਵਾਉਣ ਦਾ ਕੰਮ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਯੋਜਨਾਵਾਂ ਦਾ ਅਸਲ ਮਕਸਦ ਉਦੋਂ ਪੂਰਾ ਹੁੰਦਾ ਹੈ ਜਦੋਂ ਉਨ੍ਹਾਂ ਦਾ ਲਾਭ ਪਿੰਡ ਦੇ ਆਖ਼ਰੀ ਯੋਗ ਪਰਿਵਾਰ ਤੱਕ ਪਹੁੰਚਦਾ ਹੈ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

ਪੰਜਾਬੀ ਯੂਨੀਵਰਸਿਟੀ ਵਿਖੇ ਚਾਰ ਰੋਜ਼ਾ ਰਾਜ ਪੱਧਰੀ ਅੰਤਰ-ਵਰਸਿਟੀ ਯੁਵਕ ਮੇਲਾ ਸੰਪੰਨ





ਪੈ.ਗਾਮ-ਏ-ਜਗਤ ਪਟਿਆਲਾ, 21 ਨਵੰਬਰ (ਪਰਮਜੀਤ ਸਿੰਘ ਪਰਵਾਨਾ)

ਪੰਜਾਬੀ ਯੂਨੀਵਰਸਿਟੀ ਵਿਖੇ ਪਿਛਲੇ ਚਾਰ ਦਿਨ ਤੋਂ ਜਾਰੀ ਯੁਵਕ ਸੇਵਾਵਾਂ ਵਿਭਾਗ ਪੰਜਾਬ ਦਾ 'ਪੰਜਾਬ ਰਾਜ ਅੰਤਰ-ਵਰਸਿਟੀ ਯੁਵਕ ਮੇਲਾ' ਗਿੱਧੇ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨਾਲ਼ ਸਿਖ਼ਰ 'ਤੇ ਪਹੁੰਚਦਾ ਹੋਇਆ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ। ਇਸ ਯੁਵਕ ਮੇਲੇ ਦੌਰਾਨ ਪੰਜਾਬ ਦੀਆਂ 23 ਵੱਖ-ਵੱਖ ਯੂਨੀਵਰਸਿਟੀਆਂ ਦੇ ਯੁਵਕ ਮੇਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੇ 56 ਵੱਖ-ਵੱਖ ਕਲਾ ਵੰਨਗੀਆਂ ਵਿੱਚ ਆਪਣੀ ਪ੍ਰਤਿਭਾ ਦੇ ਜੌਹਰ ਵਿਖਾਏ।

ਇਸ ਯੁਵਕ ਮੇਲੇ ਵਿੱਚ ਪੰਜਾਬੀ ਯੂਨੀਵਰਸਿਟੀ ਨੇ ਵੱਖ-ਵੱਖ ਕਲਾਤਮਕ ਵੰਨਗੀਆਂ ਵਿੱਚ ਜਿੱਤ ਦਰਜ ਕਰਦਿਆਂ

- ਪੰਜਾਬੀ ਯੂਨੀਵਰਸਿਟੀ ਨੇ ਹਾਸਲ ਕੀਤਾ ਓਵਰ-ਆਲ ਦੂਜਾ ਸਥਾਨ

ਪਹਿਲਾ ਰਨਰ-ਅਪ ਭਾਵ ਓਵਰ-ਆਲ ਦੂਜਾ ਸਥਾਨ ਹਾਸਲ ਕੀਤਾ।

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਇਸ ਮੇਲੇ ਵਿੱਚ ਓਵਰਆਲ ਚੈਂਪੀਅਨ ਬਣੀ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੇਲੇ ਦੇ ਆਖਰੀ ਦਿਨ ਹੋਏ ਇਨਾਮ ਵੰਡ ਸਮਾਰੋਹ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤੀ। ਉਨ੍ਹਾਂ ਇਸ ਮੌਕੇ ਬੋਲਦਿਆਂ ਕਿਹਾ ਕਿ ਪੰਜਾਬੀ ਸੱਭਿਆਚਾਰ ਅਤੇ ਲੋਕ-ਕਲਾਵਾਂ ਸਾਡੀ ਅਮੀਰ ਵਿਰਾਸਤ ਦਾ ਅਨਿੱਖੜਵਾਂ ਅੰਗ ਹਨ ਅਤੇ ਨੌਜਵਾਨਾਂ ਵੱਲੋਂ ਇਨ੍ਹਾਂ ਵੰਨਗੀਆਂ ਵਿੱਚ ਦਿਖਾਇਆ ਗਿਆ ਉਤਸ਼ਾਹ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਉਮੀਦ ਜਤਾਈ ਕਿ ਇਹ ਨੌਜਵਾਨ ਕਲਾਕਾਰ ਭਵਿੱਖ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਪੰਜਾਬ ਦਾ ਨਾਮ ਰੌਸ਼ਨ ਕਰਨਗੇ। ਉਨ੍ਹਾਂ ਇਸ ਉਪਰੰਤ ਜੇਤੂ ਟੀਮਾਂ ਅਤੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ। ਉਨ੍ਹਾਂ ਯੁਵਕ ਸੇਵਾਵਾਂ ਵਿਭਾਗ ਪੰਜਾਬ ਅਤੇ ਯੂਨੀਵਰਸਿਟੀ ਦੇ ਸਮੂਹ ਪ੍ਰਬੰਧਕਾਂ ਨੂੰ ਇਸ ਸ਼ਾਨਦਾਰ ਆਯੋਜਨ ਲਈ ਵਧਾਈ ਵੀ ਦਿੱਤੀ।

ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਪ੍ਰੋ. ਭੀਮਇੰਦਰ ਸਿੰਘ ਨੇ ਦੱਸਿਆ ਕਿ ਇਹ ਮੇਲਾ ਚਾਰ ਦਿਨ ਪੰਜ ਵੱਖ-ਵੱਖ ਮੰਚਾਂ ਉੱਤੇ ਸਮਾਨੰਤਰ ਚੱਲਿਆ। ਆਖ਼ਰੀ ਦਿਨ ਗਿੱਧੇ ਤੋਂ ਇਲਾਵਾ ਰਵਾਇਤੀ ਪਹਿਰਾਵਾ ਪ੍ਰਦਰਸ਼ਨੀ, ਦਸਤਾਰ ਸਜਾਉਣ ਅਤੇ ਰਵਾਇਤੀ ਲੋਕ ਗੀਤ ਦੇ ਮੁਕਾਬਲੇ ਹੋਏ।

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਘਰਾਚੋਂ ਵਿਖੇ 66.63 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਮੁੱਖ ਮੰਤਰੀ ਖੇਡ ਗਰਾਊਂਡ ਦਾ ਕੀਤਾ ਉਦਘਾਟਨ

- ਪਿੰਡਾਂ ਦੇ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਮੈਦਾਨਾਂ ਦਾ ਵਿਕਾਸ ਅਹਿਮ : ਨਰਿੰਦਰ ਕੌਰ ਭਰਾਜ



ਭਵਾਨੀਗੜ੍ਹ (ਸੰਗਰੂਰ), 21 ਨਵੰਬਰ (ਪੈ.ਗਾਮ-ਏ-ਜਗਤ)

ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਘਰਾਚੋਂ ਵਿਖੇ 66.63 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਮੁੱਖ ਮੰਤਰੀ ਖੇਡ ਗਰਾਊਂਡ ਦਾ ਉਦਘਾਟਨ ਕਰਕੇ ਇਸ ਨੂੰ ਪਿੰਡ ਵਾਸੀਆਂ ਅਤੇ ਖਿਡਾਰੀਆਂ ਨੂੰ ਸਮਰਪਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਖੇਡਣ ਲਈ ਢੁੱਕਵੀਂ ਥਾਂ ਹੋਣ ਨਾਲ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਘਰਾਂ ਦੇ ਨੇੜੇ ਨਿਯਮਤ ਅਭਿਆਸ ਕਰਨ ਦਾ ਮੌਕਾ ਮਿਲਦਾ ਹੈ। ਪੰਜਾਬ ਸਰਕਾਰ ਪਿੰਡ ਪੱਧਰ 'ਤੇ ਖੇਡ ਸਹੂਲਤਾਂ ਵਿਕਸਤ ਕਰਨ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ।

ਵਿਧਾਇਕ ਭਰਾਜ ਨੇ ਕਿਹਾ ਕਿ ਖੇਡਾਂ ਸਰੀਰਕ ਤੰਦਰੁਸਤੀ ਦੇ ਨਾਲ ਅਨੁਸ਼ਾਸਨ, ਟੀਮ ਭਾਵਨਾ ਅਤੇ ਆਤਮਵਿਸ਼ਵਾਸ ਵੀ ਪੈਦਾ ਕਰਦੀਆਂ ਹਨ। ਜਦੋਂ ਬੱਚਿਆਂ ਨੂੰ ਆਪਣੇ ਪਿੰਡ ਵਿੱਚ ਹੀ ਖੇਡ ਮੈਦਾਨ ਮਿਲਦਾ ਹੈ ਤਾਂ ਉਨ੍ਹਾਂ ਲਈ ਰੋਜ਼ਾਨਾ ਖੇਡਣਾ ਸੁਖਾਲਾ ਹੁੰਦਾ ਹੈ ਅਤੇ ਨਵੀਂ ਖੇਡ ਪ੍ਰਤਿਭਾ ਨੂੰ ਅੱਗੇ ਆਉਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਵਿੱਚ ਖੇਡਾਂ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਪਿੰਡ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਗਰਾਊਂਡ ਦੀ ਨਿਯਮਤ ਵਰਤੋਂ ਕਰਨ, ਵੱਖ-ਵੱਖ ਖੇਡਾਂ ਵਿੱਚ ਭਾਗ ਲੈਣ ਅਤੇ ਛੋਟੇ ਬੱਚਿਆਂ ਨੂੰ ਵੀ ਖੇਡਣ ਲਈ ਉਤਸ਼ਾਹਿਤ ਕਰਨ। ਉਨ੍ਹਾਂ ਕਿਹਾ ਕਿ ਕਿਸੇ ਵੀ ਖੇਡ ਵਿੱਚ ਅੱਗੇ ਵਧਣ ਦੀ ਸ਼ੁਰੂਆਤ ਨਿਯਮਤ ਅਭਿਆਸ ਨਾਲ ਹੁੰਦੀ ਹੈ ਅਤੇ ਪਿੰਡ ਦਾ ਇਹ ਮੈਦਾਨ ਇਸ ਲਈ ਚੰਗਾ ਮੌਕਾ ਪ੍ਰਦਾਨ ਕਰੇਗਾ।

ਵਿਧਾਇਕ ਭਰਾਜ ਨੇ ਮਾਪਿਆਂ ਨੂੰ ਵੀ ਬੱਚਿਆਂ ਦੀ ਖੇਡਾਂ ਵਿੱਚ ਦਿਲਚਸਪੀ ਨੂੰ ਹੱਲਾਸ਼ੇਰੀ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ ਖੇਡਾਂ ਲਈ ਸਮਾਂ ਕੱਢਣਾ ਬੱਚਿਆਂ ਦੇ ਸਮੁੱਚੇ ਵਿਕਾਸ ਲਈ ਲਾਹੇਵੰਦ ਹੈ। ਉਨ੍ਹਾਂ ਪਿੰਡ ਦੀ ਪੰਚਾਇਤ ਅਤੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਮਿਲ ਕੇ ਗਰਾਊਂਡ ਦੀ ਸਾਫ਼-ਸਫ਼ਾਈ ਅਤੇ ਸੰਭਾਲ ਯਕੀਨੀ ਬਣਾਉਣ, ਤਾਂ ਜੋ ਪਿੰਡ ਵਾਸੀ ਲੰਮੇ ਸਮੇਂ ਤੱਕ ਇਸ ਸਹੂਲਤ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦੇ ਮੌਕੇ ਦੇਣ ਲਈ ਵਚਨਬੱਧ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਘਰਾਚੋਂ ਦਾ ਇਹ ਖੇਡ ਗਰਾਊਂਡ ਪਿੰਡ ਦੇ ਬੱਚਿਆਂ ਅਤੇ ਨੌਜਵਾਨਾਂ ਦੀਆਂ ਖੇਡ ਗਤੀਵਿਧੀਆਂ ਦਾ ਕੇਂਦਰ ਬਣੇਗਾ। ਇਸ ਮੌਕੇ ਸਰਪੰਚ ਦਲਜੀਤ ਸਿੰਘ, ਸਮੂਹ ਪੰਚਾਇਤ ਮੈਂਬਰ ਅਤੇ ਪਿੰਡ ਵਾਸੀ ਹਾਜ਼ਰ ਸਨ।

ਕਦੇ ਵੀ ਹਨੇਰੀ ਤੇ ਤੂਫ਼ਾਨ ਨੂੰ ਜੇਲ੍ਹਾਂ ਵਿਚ ਬੰਦ ਨਹੀਂ ਕੀਤਾ ਜਾ ਸਕਦਾ : ਸਤਵਿੰਦਰ ਸਿੰਘ ਟੌਹੜਾ



ਪੈ.ਗਾਮ-ਏ-ਜਗਤ/ਪਟਿਆਲਾ 21 ਨਵੰਬਰ (ਪਰਮਜੀਤ ਸਿੰਘ ਪਰਵਾਨਾ)

ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਦੀ ਦਾਦੀ ਮਾਂ ਦੇ ਅੰਤਿਮ ਸਸਕਾਰ ਮੌਕੇ ਪਟਿਆਲਾ ਜ਼ਿਲ੍ਹੇ ਤੋਂ ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਦਾ ਜਥਾ ਰਵਾਨਾ ਹੋਇਆ।

ਜਥੇ ਦੀ ਅਗਵਾਈ ਸਤਵਿੰਦਰ ਸਿੰਘ ਟੌਹੜਾ ਦੇ ਸਹਿਯੋਗ ਵਿਚ ਜਸਵੰਤ ਸਿੰਘ ਅਕੌਂਤ, ਗੁਰਵਿੰਦਰ ਸਿੰਘ ਵੈਦਵਾਨ, , ਗੁਰਰਾਜ ਸਿੰਘ ਅਰਬਨ ਅਸਟੇਟ, ਗੁਰਨਾਮ ਸਿੰਘ ਅਜਨੌਦਾ, ਅਮਰੀਕ ਸਿੰਘ ਪੇਧਨ, ਅਮਰਜੀਤ ਸਿੰਘ ਪ੍ਰਧਾਨ, ਸੰਤ ਸਿੰਘ ਟੌਹੜਾ, ਸਰਵਣ ਸਿੰਘ ਸਰਪੰਚ, ਜਥੇ. ਪਾਲਾ ਸਿੰਘ, ਬਲਦੇਵ ਸਿੰਘ ਚੇਅਰਮੈਨ, ਜਰਨੈਲ ਸਿੰਘ ਅਜਨੌਦਾ, ਸੋਨੀ ਗੁਰਥਲੀ, ਰਣਜੀਤ ਸਿੰਘ ਸਰਪੰਚ, ਸੁਖਚੈਨ ਸਿੰਘ ਚੈਨੀ ਰੋਹਟਾ, ਮੇਵਾ ਸਿੰਘ ਪ੍ਰਧਾਨ, ਇੰਦਰਜੀਤ ਸਿੰਘ ਖ਼ਾਲਸਾ, ਸਿਮਰਨ ਸਿੰਘ, ਰਿਹਾਨ ਖਾਂ, ਗੁਰਮੀਤ ਸਿੰਘ, ਯੁਵਰਾਜ ਸਿੰਘ ਆਦਿ ਨੇ ਕੀਤੀ।

ਜਥੇਦਾਰ ਸਤਵਿੰਦਰ ਸਿੰਘ ਟੌਹੜਾ ਨੇ ਜਥੇ ਨੂੰ ਰਵਾਨਾ ਕਰਨ ਸਮੇਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦੀ 'ਆਪ' ਸਰਕਾਰ ਤੇ ਕੇਂਦਰ ਦੀ ਭਾਜਪਾ ਸਰਕਾਰ ਜੇਲ੍ਹ ਵਿਚ ਬੰਦ ਰੱਖ ਕੇ ਸਗੋਂ ਪੰਜਾਬੀਆਂ ਵਿਚ ਰੋਹ ਪੈਦਾ ਕਰ ਰਹੀ ਹੈ, ਅੰਮ੍ਰਿਤਪਾਲ ਸਿੰਘ ਇਸ ਵੇਲੇ ਹਨੇਰੀ ਤੇ ਤੂਫ਼ਾਨ ਹੈ, ਕਦੇ ਵੀ ਹਨੇਰੀ ਤੇ ਤੂਫ਼ਾਨ ਨੂੰ ਜੇਲ੍ਹਾਂ ਵਿਚ ਬੰਦ ਨਹੀਂ ਕੀਤਾ ਜਾ ਸਕਦਾ, ਉਨ੍ਹਾਂ ਕਿਹਾ ਕਿ ਸਰਕਾਰਾਂ ਘੱਟ ਗਿਣਤੀਆਂ ਨਾਲ ਜ਼ੁਲਮ ਕਰਦੀਆਂ ਆਈਆਂ ਹਨ ਪਰ ਇਸ ਵਾਰ ਇਹ ਸਰਕਾਰਾਂ ਨੂੰ ਮਹਿੰਗਾ ਪੈਣ ਵਾਲਾ ਹੈ।

ਸਰਬਸੰਮਤੀ ਦੀ ਜਿੱਤ, ਸੇਵਾ ਦੀ ਜਿੱਤ : ਐਡਵੋਕੇਟ ਹਰਜਿੰਦਰ ਸਿੰਘ ਧਾਮੀ ਛੇਵੀਂ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

ਪੈ.ਗਾਮ-ਏ-ਜਗਤ ਨਵਾਂਸ਼ਹਿਰ , 21 ਨਵੰਬਰ(ਜਤਿੰਦਰਪਾਲ ਸਿੰਘ ਕਲੇਰ)



ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਗੁੱਜਰ ਗ਼ੈਲ ਮਾਜਰਾ ਨੇ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਦੇ ਸਰਬਸੰਮਤੀ ਨਾਲ ਛੇਵੀਂ ਵਾਰ ਚੁਣੇ ਜਾਣ ਤੇ ਮੁਬਾਰਕਾਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਚੋਣ ਇੱਕ ਵਾਰ ਫਿਰ ਸਾਬਤ ਕਰਦੀ ਹੈ ਕਿ ਪੰਥ ਨੂੰ ਸੇਵਾ, ਸਿਧਾਂਤ ਅਤੇ ਸੰਜਮ ਵਾਲੀ ਅਗਵਾਈ ਤੇ ਪੂਰਾ ਭਰੋਸਾ ਹੈ।

*ਗੁਰਪ੍ਰੀਤ ਗੁੱਜਰ ਗ਼ੈਲ ਮਾਜਰਾ ਨੇ ਕਿਹਾ ਕਿ ਸਰਬਸੰਮਤੀ ਨਾਲ ਹੋਈ ਇਹ ਚੋਣ ਪੰਥਕ ਏਕਤਾ ਦੀ ਵੱਡੀ ਮਿਸਾਲ ਹੈ। ਕਿਸੇ ਵੀ ਤਰ੍ਹਾਂ ਦੇ ਵਿਰੋਧ ਜਾਂ ਖਿੱਚੋਤਾਣ ਤੋਂ ਬਿਨਾਂ ਹੋਈ ਇਹ ਚੋਣ ਸ਼੍ਰੋਮਣੀ ਕਮੇਟੀ ਦੀ ਮਰਿਆਦਾ ਅਤੇ ਪੰਥਕ ਪਰੰਪਰਾ ਨੂੰ ਹੋਰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ, ਸਿੱਖੀ ਪ੍ਰਚਾਰ, ਸਿੱਖਿਆ, ਨੌਜਵਾਨਾਂ ਨੂੰ ਗੁਰਸਿੱਖੀ ਨਾਲ ਜੋੜਨ ਅਤੇ ਪੰਥਕ ਮੁੱਦਿਆਂ ਤੇ ਡਟ ਕੇ ਪਹਿਰਾ ਦਿੱਤਾ ਹੈ। ਉਨ੍ਹਾਂ ਦੀ ਸਾਫ਼-ਸੁਥਰੀ, ਨਿਮਰ ਅਤੇ ਸੇਵਾ ਭਾਵਨਾ ਵਾਲੀ ਅਗਵਾਈ ਕਾਰਨ ਹੀ ਸੰਗਤ ਅਤੇ ਮੈਂਬਰਾਂ ਨੇ ਛੇਵੀਂ ਵਾਰ ਉਨ੍ਹਾਂ ਤੇ ਭਰੋਸਾ ਜਤਾਇਆ ਹੈ। ਗੁਰਪ੍ਰੀਤ ਸਿੰਘ ਗੁੱਜਰ ਗ਼ੈਲ ਮਾਜਰਾ ਨੇ ਕਿਹਾ ਕਿ ਇਹ ਚੋਣ ਕਿ

ਬਲਾਕ ਬਲਾਚੌਰ-1 ਦੇ ਪ੍ਰੀ-ਪ੍ਰਾਇਮਰੀ ਅਤੇ ਪ੍ਰਾਇਮਰੀ ਸਕੂਲਾਂ ਦੇ ਬਲਾਕ ਪੱਧਰ ਤੇ ਸਾਹਿਤਿਕ, ਵਿੱਦਿਅਕ ਮੁਕਾਬਲੇ ਕਰਵਾਏ

ਨਵਾਂਸ਼ਹਿਰ/ਕਾਠਗੜ੍ਹ, ਪੈ.ਗਾਮ-ਏ-ਜਗਤ/21 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਮਾਸਟਰ ਚਰਨਜੀਤ ਸਿੰਘ ਸਿਆਣ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਸੁੱਧਾਮਾਜਰਾ ਵਿਖੇ ਬਲਾਕ ਨੋਡਲ ਅਫ਼ਸਰ ਅਮਨਦੀਪ ਸਿੰਘ ਕਲੇਰ ਦੀ ਯੋਗ ਅਗਵਾਈ ਹੇਠ ਪ੍ਰੀ-ਪ੍ਰਾਇਮਰੀ ਅਤੇ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਦੇ ਸਾਹਿਤਿਕ ਵਿੱਦਿਅਕ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਬਲਾਕ ਬਲਾਚੌਰ-1ਦੇ ਵੱਖ ਵੱਖ ਕਲਸਟਰਾਂ ਦੇ ਪ੍ਰਾਇਮਰੀ ਸਕੂਲਾਂ ਦੇ ਪ੍ਰੀ-ਪ੍ਰਾਇਮਰੀ ਅਤੇ ਪ੍ਰਾਇਮਰੀ ਦੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਇਨਾ ਮੁਕਾਬਲਿਆਂ ਵਿੱਚ ਹੇਠ ਲਿਖੇ ਬੱਚਿਆਂ ਨੇ ਪਹਿਲੀਆਂ ਅਤੇ ਦੂਸਰੀਆਂ ਪੋਜੀਸ਼ਨਾ ਹਾਸਿਲ ਕੀਤੀਆਂ।

ਆਮ ਗਿਆਨ ਵਿੱਚ ਦਲਜੀਤ

- **ਨਨ੍ਹੇ-ਮੁੰਨ੍ਹੇ ਬੱਚਿਆਂ ਵਿੱਚ ਵਿੱਦਿਅਕ ਮੁਕਾਬਲੇ ਕਰਵਾਉਣਾ ਸਿੱਖਿਆ ਵਿਭਾਗ ਦਾ ਸ਼ਲਾਘਾਯੋਗ ਉਪਰਾਲਾ : ਬਲਾਕ ਨੋਡਲ ਅਫ਼ਸਰ ਅਮਨਦੀਪ ਸਿੰਘ ਕਲੇਰ**



ਕਲਸਟਰ ਰੱਤੇਵਾਲ,ਸੁਰਜੀਤ ਮਿਸ਼ਰਾ ਕਲਸਟਰ ਕਾਠਗੜ ਭਾਸ਼ਣ ਕਲਾ ਮੁਕਾਬਲਾ ਦੀਪਕਾ ਚੌਧਰੀ ਕਲਸਟਰ ਟਕਾਰਲਾ ਜੈਸਕਾ ਕਲਸਟਰ ਬਲਾਚੌਰ, ਸੁੰਦਰ ਲਿਖਾਈ (ਹਿੰਦੀ) ਤਾਨਵੀ ਰੱਤੇਵਾਲ, ਅਰਬੀਆ ਬਲਾਚੌਰ ਸੁੰਦਰ ਲਿਖਾਈ ਪੰਜਾਬੀ ਯੁਵਲੀਨ ਰੱਤੇਵਾਲ, ਜੈਸਮੀਨ ਕੌਰ ਟਕਾਰਲਾ, ਸੁੰਦਰ ਲਿਖਾਈ ਅੰਗਰੇਜ਼ੀ ਜਸ਼ਨਦੀਪ ਸਿੰਘ ਟਕਾਰਲਾ, ਮਾਹੀ ਦੀਪ ਰੱਤੇਵਾਲ, ਵੇਸਟ ਮਟੀਰੀਅਲ ਬਿਰਾਜਮਨੀ ਬਰਲ ਬਲਾਚੌਰ, ਸਾਹਿਬ ਚੌਧਰੀ ਟਕਾਰਲਾ,ਪਹਾੜੇ ਮੁਕਾਬਲਾ ਮਨਕੀਰਤ ਰੈਲਮਾਜਰਾ, ਰਾਜਵੀਰ ਬਾਠ ਥੋਪੀਆ, ਕਹਾਣੀ ਸੁਣਾਉਣਾ ਜਸਦੀਪ ਕੌਰ ਰੱਕੜਾਂ ਬੇਟ, ਮਨੀਸ਼ ਕੁਮਾਰ ਟਕਾਰਲਾ, ਲੋਕ ਗੀਤ ਮੰਨਤ ਕੌਰ ਥੋਪੀਆ, ਤਾਨੀਆ ਬਲਾਚੌਰ, ਚਿੱਤਰ ਕਲਾ ਮੁਕਾਬਲਾ ਪ੍ਰਤੀਕ ਚੌਧਰੀ ਟਕਾਰਲਾ, ਗੁਰਵੀਰ ਭਟੋਆ ਥੋਪੀਆ, ਪਿਕਚਰ ਕੰਪ੍ਰੀਹੇਂਸਿਵ ਮੁਕਾਬਲੇ ਵਿੱਚ ਰਿਹਾਨ ਰੈਲ਼ ਮਾਜਰਾ, ਲਵਨੀਤ ਬਲਾਚੌਰ ਆਦਿ ਵਿਦਿਆਰਥੀਆਂ ਨੇ ਪੋਜੀਸ਼ਨਾਂ ਹਾਸਿਲ ਕੀਤੀਆਂ।

ਇਸ ਮੌਕੇ ਬਲਾਕ ਨੋਡਲ ਅਫ਼ਸਰ ਅਮਨਦੀਪ ਸਿੰਘ ਕਲੇਰ ਨੇ ਕਿਹਾ ਨਨ੍ਹੇ-ਮੁੰਨ੍ਹੇ ਬੱਚਿਆਂ ਵਿੱਚ ਵਿੱਦਿਅਕ ਮੁਕਾਬਲੇ ਕਰਵਾਉਣਾ ਸਿੱਖਿਆ ਵਿਭਾਗ ਦਾ ਸ਼ਲਾਘਾਯੋਗ ਉਪਰਾਲਾ ਹੈ ਅਜਿਹੇ ਵਿੱਦਿਅਕ ਮੁਕਾਬਲੇ ਹੁੰਦੇ ਰਹਿਣੇ ਚਾਹੀਦੇ ਹਨ। ਜੇਤੂ ਬੱਚਿਆਂ ਨੂੰ ਯੋਗ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਕਮਲਦੀਪ ਸੀ ਐਚ ਟੀ,ਧਰਮਿੰਦਰ ਕੁਮਾਰ ਸੀ ਐਚ ਟੀ, ਕਮਲੇਸ਼ ਰਾਣੀ ਸੀ ਐਚ ਟੀ, ਗੀਨਾ ਚੋਧਰੀ ਬੀ ਆਰ ਸੀ, ਇੰਦਰਜੀਤ ਕੌਰ ਐਚ ਟੀ, ਸੁਰਿੰਦਰ ਕੁਮਾਰ ਐਚ ਟੀ, ਨਰੇਸ਼ ਕੁਮਾਰ ਐਚ ਟੀ, ਹਰਜਾਪ ਕੌਰ ਐਚ ਟੀ, ਪਰਮਿੰਦਰ ਸਿੰਘ ਕਟਾਰੀਆ ਐਚ ਟੀ, ਮੈਡਮ ਮਨਜੀਤ ਕੌਰ,ਅਮਨਦੀਪ ਕੌਰ, ਵੀਨਾ ਡੱਬ,ਚੰਦਰਦੇਵ ਅਤੇ ਧਰਮਪਾਲ ਸੁਧਾਮਾਜਰਾ ਆਦਿ ਹਾਜਰ ਸਨ।

ਪਰਾਲੀ ਨਾ ਸਾੜੋ, ਵਾਤਾਵਰਣ ਬਚਾਓ : ਵਾਸਦੇਵ ਪਰਦੇਸੀ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਮਨੁੱਖੀ ਅਧਿਕਾਰ ਜਾਗਰਤੀ ਸੋਸਾਇਟੀ ਨਵਾਂਸ਼ਹਿਰ ਦੇ ਪ੍ਰਧਾਨ ਵਾਸਦੇਵ ਪਰਦੇਸੀ ਨੇ ਕਿਹਾ ਭਾਰਤ ਇੱਕ ਖੇਤੀ ਪ੍ਰਧਾਨ ਦੇਸ਼ ਹੈ, ਜਿੱਥੇ ਖੇਤੀ ਲੱਖਾਂ ਲੋਕਾਂ ਦੀ ਰੋਜ਼ੀ-ਰੋਟੀ ਦਾ ਸਾਧਨ ਹੈ। ਪਰਾਲੀ ਦਾ ਸਹੀ ਪ੍ਰਬੰਧਨ ਕਰਨ ਦੀ ਬਜਾਏ ਇਸ ਨੂੰ ਸਾੜਨ ਦਾ ਰੁਝਾਨ ਵਧ ਰਿਹਾ ਹੈ, ਜੋ ਵਾਤਾਵਰਣ ਅਤੇ ਮਨੁੱਖੀ ਸਿਹਤ ਲਈ ਗੰਭੀਰ ਖ਼ਤਰਾ ਹੈ।

ਮੱਧ ਪ੍ਰਦੇਸ਼, ਪੰਜਾਬ ਅਤੇ ਉੱਤਰ ਪ੍ਰਦੇਸ਼ ਵਿੱਚ ਪਰਾਲੀ ਸਾੜਨ ਦਾ ਸਿਲਸਿਲਾ ਜਾਰੀ ਹੈ। ਪਰਾਲੀ ਦਾ ਧੂੰਆਂ ਵਾਤਾਵਰਣ ਵਿੱਚ ਹਾਨੀਕਾਰਕ ਗੈਸਾਂ ਅਤੇ ਸੂਖ਼ਮ ਕਣਾਂ ਦੀ ਮਾਤਰਾ ਵਧਾ ਦਿੰਦਾ ਹੈ। ਇਸ ਨਾਲ ਹਵਾ ਪ੍ਰਦੂਸ਼ਣ ਗੰਭੀਰ ਰੂਪ ਧਾਰ ਲੈਂਦਾ ਹੈ ਅਤੇ ਧੁੰਏਂ (ਸਮੋਗ) ਦੀ ਚਾਦਰ ਛਾ ਜਾਂਦੀ ਹੈ। ਸਾਹ ਲੈਣ ਵਿੱਚ ਤਕਲੀਫ਼, ਅੱਖਾਂ ਵਿੱਚ ਜਲਣ, ਖੰਘ ਅਤੇ ਹੋਰ ਸਿਹਤ ਸਮੱਸਿਆਵਾਂ ਵਧਣ ਲੱਗਦੀਆਂ ਹਨ। ਪਰਾਲੀ ਸਾੜਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਇਸ ਵਿੱਚ ਮੌਜੂਦ ਲਾਭਦਾਇਕ ਸੂਖ਼ਮ ਜੀਵ ਨਸ਼ਟ ਹੋ ਜਾਂਦੇ ਹਨ।



ਪਰਾਲੀ ਸਾੜਨਾ ਸਮੱਸਿਆ ਦਾ ਹੱਲ ਨਹੀਂ, ਸਗੋਂ ਨਵੀਂ ਸਮੱਸਿਆ ਨੂੰ ਜਨਮ ਦੇਣਾ ਹੈ। ਕਿਸਾਨਾਂ ਨੂੰ ਪਰਾਲੀ ਦੇ ਬਿਹਤਰ ਬਦਲ ਅਪਣਾਉਣ ਲਈ ਜਾਗਰੂਕ ਕੀਤਾ ਜਾਣਾ ਚਾਹੀਦਾ ਹੈ। ਪਰਾਲੀ ਦੀ ਵਰਤੋਂ ਪਸ਼ੂਆਂ ਦੇ ਚਾਰੇ, ਖਾਦ ਬਣਾਉਣ ਅਤੇ ਹੋਰ ਲਾਹੇਵੰਦ ਕੰਮਾਂ ਵਿੱਚ ਕੀਤੀ ਜਾ ਸਕਦੀ ਹੈ। ਸਰਕਾਰ ਆਧੁਨਿਕ ਮਸ਼ੀਨਾਂ ਉੱਤੇ ਕਰੋੜਾਂ ਰੁਪਏ ਖ਼ਰਚ ਕਰਨ ਦਾ ਦਾਅਵਾ ਕਰਦੀ ਹੈ, ਪਰ ਸਾਰੇ ਕਿਸਾਨਾਂ ਤੱਕ ਮਸ਼ੀਨਾਂ ਦੀ ਪਹੁੰਚ ਨਾ ਹੋਣਾ ਚਿੰਤਾਜਨਕ ਹੈ। ਸਾਫ਼ ਹਵਾ ਵਿੱਚ ਸਾਹ ਲੈਣਾ ਹਰ ਕਿਸੇ ਦਾ ਅਧਿਕਾਰ ਹੈ।

ਕਿਸਾਨਾਂ, ਪ੍ਰਸ਼ਾਸਨ ਅਤੇ ਆਮ ਜਨਤਾ ਨੂੰ ਮਿਲ ਕੇ ਪਰਾਲੀ ਸਾੜਨ ਦੀ ਪ੍ਰਥਾ ਨੂੰ ਰੋਕਣ ਲਈ ਉਪਰਾਲੇ ਕਰਨੇ ਚਾਹੀਦੇ ਹਨ। ਪਰਾਲੀ ਸਾੜਨ ਤੋਂ ਬਚੋ, ਕੁਦਰਤ ਦੀ ਸੰਭਾਲ ਕਰੋ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼, ਸੁਰੱਖਿਅਤ ਅਤੇ ਸਿਹਤਮੰਦ ਵਾਤਾਵਰਣ ਦਿਓ।

ਗੜ੍ਹਸ਼ੰਕਰ ਸ਼ਹਿਰ ਦੀ ਸੁੱਖ ਸ਼ਾਂਤੀ ਅਤੇ ਖੁਸ਼ਹਾਲੀ ਲਈ ਸ਼੍ਰੀ ਕ੍ਰਿਸ਼ਨ ਲੀਲਾ ਮੌਕੇ ਹਵਨਯੱਗ ਕੀਤਾ ਗਿਆ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸਦੀਆਂ ਤੋਂ ਚੱਲੀ ਆ ਰਹੀ ਪਰੰਪਰਾ ਅਨੁਸਾਰ ਗੜ੍ਹਸ਼ੰਕਰ ਸ਼ਹਿਰ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਸ਼੍ਰੀ ਕ੍ਰਿਸ਼ਨ ਲੀਲਾ ਮੇਲੇ ਮੌਕੇ ਪਵਿੱਤਰ ਹਵਨ ਯੱਗ ਕੀਤਾ ਗਿਆ ਅਤੇ ਬੀਤੇ ਕੱਲ੍ਹ ਗਊਸ਼ਾਲਾ ਤੋਂ ਸ਼ੁਰੂ ਹੋ ਕੇ ਸ਼੍ਰੀ ਕ੍ਰਿਸ਼ਨ ਲੀਲਾ ਗਰਾਊਂਡ ਤੱਕ ਰੱਥ ਯਾਤਰਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆ ਸ੍ਰੀ ਕ੍ਰਿਸ਼ਨ ਲੀਲਾ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਣਾ ਚੰਦਰਭਾਨ, ਸਮਾਜਸੇਵੀ ਦਲਜੀਤ ਸਿੰਘ ਬੈਸ, ਰਾਜੀਵ ਰਾਣਾ ਨੇ ਦੱਸਿਆ ਕਿ 13 ਨਵੰਬਰ ਤੋਂ 19 ਨਵੰਬਰ ਤੱਕ ਸ਼ੀਮਦ ਭਾਗਵਤ ਕਥਾ ਕਰਵਾਈ ਗਈ ਅਤੇ 22 ਤੋਂ 24 ਨਵੰਬਰ ਤੱਕ ਕੁਸ਼ਤੀਆ ਤੇ ਕਬੱਡੀ ਦੇ ਮੈਚ ਕਰਵਾਏ ਜਾ ਰਹੇ ਹਨ । ਉਹਨਾਂ ਦੱਸਿਆ ਕਿ 22 ਤਰੀਕ ਨੂੰ ਕਬੱਡੀ ਮੈਚ 60 ਕਿਲੋ ਵਰਗ,



23 ਤਰੀਕ ਨੂੰ ਕਬੱਡੀ ਆਲ ਓਪਨ ਅਤੇ 24 ਤਰੀਕ ਨੂੰ ਕੁਸ਼ਤੀਆਂ ਦੇ ਮੁਕਾਬਲੇ ਅਤੇ ਸ਼ਾਮ ਨੂੰ 5 ਵਜੇ ਕੈਸ ਵੱਧ ਕੀਤਾ ਜਾਵੇਗਾ। ਇਲਾਕਾ ਨਿਵਾਸੀ ਇਸ ਮੇਲੇ ਵਿੱਚ ਵੱਧ ਚੜਕੇ ਸ਼ਾਮਿਲ ਹੋਏ ਤੇ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ।ਇਸ ਮੌਕੇ ਕੁਲਬੀਰ ਸਿੰਘ ਜੇਈ, ਦਵਿੰਦਰ ਰਾਣਾ, ਜਰਨੈਲ ਸਿੰਘ ਰਾਣਾ, ਰਕੇਸ਼ ਕਪੂਰ, ਅਮਰਪ੍ਰੀਤ ਸਿੰਘ ਲਾਲੀ, ਰਜਿੰਦਰ ਸਿੰਘ ਸ਼ੂਕਾ, ਸਮਾਜਸੇਵੀ ਦਲਜੀਤ ਸਿੰਘ ਬੈਂਸ, ਭਜਨ ਸਿੰਘ ਠੇਕੇਦਾਰ, ਰਮਨ ਕੁਮਾਰ ਸਮੁੰਦੜਾ, ਰਿਕੂ ਚਾਂਦਪੁਰੀ, ਸੰਜੀਵ ਕਟਾਰੀਆ, ਨਵੀਨ ਬੱਸੀ ,ਰਾਜੀਵ ਰਾਣਾ, ਡਾਕਟਰ ਕਰਮਜੀਤ, ਵਿਨੇ ਕੁਮਾਰ, ਬਲਵਿੰਦਰ ਟੋਨੀ, ਮਾਰਸ਼ਲ ਬਿਲਡੋ, ਹਰਬੰਸ ਭੱਟੀ, ਰਵਿੰਦਰ ਗੌਤਮ, ਰਾਣਾ ਉਦੇ ਭਾਨ ਸਿੰਘ, ਬੀ ਐਨ ਸੈਣਾ ਅਤੇ ਹੋਰ ਕਮੇਟੀ ਮੈਂਬਰ ਹਾਜ਼ਰ ਸਨ।

ਚੂਹੜਪੁਰ ਵਿੱਚ ਭਾਜਪਾ ਦਾ ਸ਼ਕਤੀ ਪ੍ਰਦਰਸ਼ਨ, ਲੋਕ ਮਿਲਣੀ ਵਿੱਚ ਉਮੜਿਆ ਲੋਕਾਂ ਦਾ ਹੁੰਗਾਰਾ, 2027 ਦੀ ਰੂਪ-ਰੇਖਾ ਤੇ ਹੋਇਆ ਮੰਥਨ

ਪੈ.ਗਾਮ-ਏ-ਜਗਤ
ਬਲਾਚੌਰ, 21 ਨਵੰਬਰ
(ਜਤਿੰਦਰਪਾਲ ਸਿੰਘ ਕਲੇਰ)

ਪਿੰਡ ਚੂਹੜਪੁਰ ਵਿਖੇ ਸਰਪੰਚ ਜਸਵੀਰ ਕੌਰ ਦੇ ਲੰਬਰਦਾਰ ਪਰਿਵਾਰ ਵਿਖੇ ਭਾਜਪਾ ਦੇ ਸੀਨੀਅਰ ਆਗੂ ਰਵੀ ਇੰਦਰ ਸਿੰਘ ਬਾਗੋਵਾਲ ਵੱਲੋਂ ਕੀਤੀ ਗਈ ਲੋਕ ਮਿਲਣੀ ਵਿੱਚ ਲੋਕਾਂ ਦਾ ਭਰਵਾਂ ਹੁੰਗਾਰਾ ਦੇਖਣ ਨੂੰ ਮਿਲਿਆ। ਇਸ ਮਿਲਣੀ ਵਿੱਚ ਪਿੰਡ ਦੇ ਪਤਵੰਤੇ, ਬਜ਼ੁਰਗ, ਨੌਜਵਾਨ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਪਹੁੰਚੇ।

ਇਸ ਮੌਕੇ ਲੋਕਾਂ ਨੇ ਆਪਣੇ ਪਿੰਡ ਅਤੇ ਹਲਕੇ ਦੀਆਂ ਸਮੱਸਿਆਵਾਂ



ਸੀਨੀਅਰ ਆਗੂ ਸਾਹਮਣੇ ਰੱਖੀਆਂ। ਰਵੀ ਇੰਦਰ ਸਿੰਘ ਬਾਗੋਵਾਲ ਨੇ ਲੋਕਾਂ ਦੀਆਂ ਗੱਲਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਨੂੰ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਭਾਜਪਾ ਦੀ ਨੀਤੀ ਹਮੇਸ਼ਾ ਲੋਕਾਂ ਨਾਲ ਜੁੜ ਕੇ, ਜ਼ਮੀਨੀ ਪੱਧਰ ਤੇ ਕੰਮ ਕਰਨ ਦੀ ਰਹੀ ਹੈ। ਮਿਲਣੀ ਦੌਰਾਨ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਰੂਪ-ਰੇਖਾ ਤਿਆਰ ਕਰਦਿਆਂ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਪਾਰਟੀ ਨੂੰ ਪਿੰਡਾਂ ਵਿੱਚ ਹੋਰ ਮਜ਼ਬੂਤ ਕਰਨ, ਨੌਜਵਾਨਾਂ ਨੂੰ ਨਾਲ ਜੋੜਨ ਅਤੇ ਲੋਕਾਂ ਤੱਕ ਪਾਰਟੀ ਦੀਆਂ ਨੀਤੀਆਂ ਪਹੁੰਚਾਉਣ ਬਾਰੇ ਰਣਨੀਤੀ ਤੇ ਚਰਚਾ ਹੋਈ। ਰਵੀ ਇੰਦਰ ਸਿੰਘ ਬਾਗੋਵਾਲ ਨੇ ਕਿਹਾ ਕਿ ਲੋਕ ਹੁਣ ਬਦਲਾਅ ਚਾਹੁੰਦੇ ਹਨ ਅਤੇ ਭਾਜਪਾ ਹੀ ਉਹ ਬਦਲਾਅ ਲਿਆ ਸਕਦੀ ਹੈ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਹੁਣ ਤੋਂ ਹੀ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸੰਪਰਕ ਬਣਾਉਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਅੱਗੇ ਆਉਣ। ਮਿਲਣੀ ਵਿੱਚ ਪਹੁੰਚੇ ਲੋਕਾਂ ਨੇ ਵੀ ਭਰੋਸਾ ਦਿਵਾਇਆ ਕਿ ਉਹ 2027 ਵਿੱਚ ਭਾਜਪਾ ਦਾ ਡੱਟ ਕੇ ਸਾਥ ਦੇਣਗੇ।

25 ਲੱਖ ਕਿੱਥੇ ਗਏ? ਰੈਲ ਮਾਜਰਾ ਵਿੱਚ ਐਤਵਾਰ ਨੂੰ ਹੋਵੇਗਾ ਵੱਡਾ ਧਮਾਕਾ, ਸਟੇਡੀਅਮ ਦੇ ਹਿਸਾਬ ਲਈ ਪਿੰਡ ਹੋਇਆ ਇੱਕਜੁੱਟ

ਪੈ.ਗਾਮ-ਏ-ਜਗਤ/ਬਲਾਚੌਰ
21 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

- **ਸਕੂਲ ਦੇ ਗਰਾਊਂਡ ਤੇ ਦਿਖਾਈ 25 ਲੱਖ ਦੀ ਲਾਗਤ, ਜ਼ਮੀਨ ਤੇ ਕੰਮ ਨਾ ਦਿਸਣ ਤੇ ਭੜਕੇ ਲੋਕ**

ਪਿੰਡ ਰੈਲ ਮਾਜਰਾ ਦੇ ਸਰਕਾਰੀ ਹਾਈ ਸਕੂਲ ਦੇ ਗਰਾਊਂਡ ਨੂੰ ਸਟੇਡੀਅਮ ਬਣਾਉਣ ਦੇ ਨਾਂ ਤੇ ਦਿਖਾਈ ਗਈ 25 ਲੱਖ ਰੁਪਏ ਦੀ ਲਾਗਤ ਹੁਣ ਵੱਡੇ ਵਿਵਾਦ ਦਾ ਰੂਪ ਧਾਰਨ ਕਰ ਗਈ ਹੈ। ਕਾਗਜ਼ਾਂ ਵਿੱਚ 25 ਲੱਖ ਦਾ ਸਟੇਡੀਅਮ ਬਣ ਗਿਆ, ਪਰ ਜ਼ਮੀਨ ਤੇ ਕੰਮ ਦੇਖ ਕੇ ਪਿੰਡ ਵਾਸੀਆਂ ਦੇ ਸਬਰ ਦਾ ਬੰਨ੍ਹ ਟੁੱਟ ਗਿਆ ਹੈ।

ਇਸੇ ਰੋਸ ਨੂੰ ਲੈ ਕੇ ਹੁਣ ਪਿੰਡ ਵਾਸੀਆਂ ਨੇ ਐਤਵਾਰ, 22 ਤਰੀਕ ਨੂੰ ਸਵੇਰੇ 10 ਵਜੇ ਸਰਕਾਰੀ ਹਾਈ ਸਕੂਲ, ਰੈਲ ਮਾਜਰਾ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਪਿੰਡ ਵਿੱਚ ਇਸ ਪ੍ਰਦਰਸ਼ਨ ਨੂੰ ਲੈ ਕੇ ਭਾਰੀ ਚਰਚਾ ਹੈ ਅਤੇ ਲੋਕਾਂ ਵਿੱਚ ਜ਼ਬਰਦਸਤ



ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।


ਇਸ ਸਬੰਧੀ ਤੇਜੀ ਮਾਂਗਟ ਨੇ ਸਪੱਸ਼ਟ ਕੀਤਾ ਕਿ ਇਹ ਲੜਾਈ ਕਿਸੇ ਵਿਅਕਤੀ ਵਿਸ਼ੇਸ਼ ਦੇ ਵਿਰੁੱਧ ਨਹੀਂ, ਸਗੋਂ ਪਿੰਡ ਦੇ ਹੱਕਾਂ ਅਤੇ ਲੋਕਾਂ ਦੇ ਟੈਕਸ ਦੇ ਪੈਸੇ ਦੀ ਜਵਾਬਦੇਹੀ ਲਈ ਹੈ। ਉਨ੍ਹਾਂ ਕਿਹਾ ਕਿ ਜੇਕਰ 25 ਲੱਖ ਰੁਪਏ ਖਰਚ ਹੋਏ ਹਨ ਤਾਂ ਲੋਕਾਂ ਨੂੰ ਇਹ ਜਾਣਨ ਦਾ ਪੂਰਾ ਹੱਕ ਹੈ ਕਿ ਇਹ ਪੈਸਾ ਕਿੱਥੇ ਅਤੇ ਕਿਵੇਂ ਖਰਚ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਦੇ ਨਾਂ ਤੇ ਲੋਕਾਂ ਨੂੰ ਸਿਰਫ਼ ਦਾਅਵੇ ਨਹੀਂ, ਸਗੋਂ ਜ਼ਮੀਨੀ ਪੱਧਰ ਤੇ ਕੰਮ ਅਤੇ ਖਰਚੇ ਦਾ ਪੂਰਾ ਹਿਸਾਬ ਚਾਹੀਦਾ ਹੈ। ਲੋਕਾਂ ਦੇ ਸਵਾਲਾਂ ਦਾ ਜਵਾਬ ਦੇਣਾ ਸਰਕਾਰ ਅਤੇ ਸਬੰਧਤ ਜ਼ਿੰਮੇਵਾਰ ਅਧਿਕਾਰੀਆਂ ਦੀ ਜ਼ਿੰਮੇਵਾਰੀ ਹੈ।

ਪਿੰਡ ਵਾਸੀਆਂ ਅਤੇ ਤੇਜੀ ਮਾਂਗਟ ਵੱਲੋਂ ਸਮੂਹ ਪਿੰਡ ਵਾਸੀਆਂ, ਨੌਜਵਾਨਾਂ, ਖਿਡਾਰੀਆਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਰੋਸ ਪ੍ਰਦਰਸ਼ਨ ਦਾ ਹਿੱਸਾ ਬਣਨ। ਪਿੰਡ ਵਾਸੀਆਂ ਦਾ ਸਿੱਧਾ ਸਵਾਲ ਹੈ, 25 ਲੱਖ ਰੁਪਏ ਕਿੱਥੇ ਖਰਚ ਹੋਏ? ਲੋਕਾਂ ਨੂੰ ਪੂਰਾ ਹਿਸਾਬ ਦਿੱਤਾ ਜਾਵੇ।

ਸੋਸ਼ਲ ਮੀਡੀਆ ਤੇ ਉੱਠੇ ਸਵਾਲਾਂ ਨੇ ਖੋਲ੍ਹੀ ਖੇਡ ਸਟੇਡੀਅਮਾਂ ਦੀ ਪੋਲ, ਭਾਜਪਾ ਆਗੂ ਵਿਜੇ ਭਾਟੀਆ ਸੰਡਰੇਵਾਲ ਨੇ ਮੰਗੀ ਉੱਚ ਪੱਧਰੀ ਜਾਂਚ

ਪੈ.ਗਾਮ-ਏ-ਜਗਤ
ਨਵਾਂਸ਼ਹਿਰ, 21 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ)

ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਖੇਡ ਸਟੇਡੀਅਮ



*ਬਣਾਉਣ ਦੇ ਵੱਡੇ-ਵੱਡੇ ਐਲਾਨ ਕੀਤੇ ਗਏ ਸਨ। ਪਰ ਹੁਣ ਇਨ੍ਹਾਂ ਖੇਡ ਸਟੇਡੀਅਮਾਂ ਦੇ ਨਿਰਮਾਣ ਅਤੇ ਉਨ੍ਹਾਂ ਤੇ ਖਰਚ ਕੀਤੀ ਗਈ ਸਰਕਾਰੀ ਰਾਸ਼ੀ ਨੂੰ ਲੈ ਕੇ ਸੋਸ਼ਲ ਮੀਡੀਆ ਤੇ ਕਈ ਤਰ੍ਹਾਂ ਦੇ ਸਵਾਲ ਉੱਠ ਰਹੇ ਹਨ, ਜਿਨ੍ਹਾਂ ਨੇ ਸਰਕਾਰ ਦੇ ਦਾਅਵਿਆਂ ਦੀ ਪੋਲ ਖੋਲ੍ਹ ਦਿੱਤੀ ਹੈ। ਸੋਸ਼ਲ ਮੀਡੀਆ ਤੇ ਉੱਠ ਰਹੇ ਸਵਾਲਾਂ ਦਾ ਹਵਾਲਾ ਦਿੰਦਿਆਂ ਭਾਜਪਾ ਆਗੂ ਵਿਜੇ ਭਾਟੀਆ ਸੰਡਰੇਵਾਲ ਨੇ ਸਰਕਾਰ ਤੋਂ ਜਵਾਬ ਮੰਗਿਆ ਹੈ। ਉਨ੍ਹਾਂ

ਪੀ.ਐਮ. ਸ਼੍ਰੀ ਸਕੂਲ ਕਲਿਆਨ ਵਿਖੇ ਫਸਟ ਏਡ, ਸੀ.ਪੀ.ਆਰ., ਦਿਲ ਦੇ ਦੌਰੇ, ਕਾਰਡੀਅਕ ਅਰੈਸਟ ਸਬੰਧੀ ਟ੍ਰੇਨਿੰਗ ਦਿੱਤੀ

ਪਟਿਆਲਾ, 21 ਨਵੰਬਰ (ਪੈ.ਗਾਮ-ਏ-ਜਗਤ)

ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਿਆਣ ਪਟਿਆਲਾ ਦੇ ਪ੍ਰਿੰਸੀਪਲ ਸ਼੍ਰੀ ਨੀਖਿਲ ਨਰੰਜਣ ਮੰਡਲ ਦੀ ਅਗਵਾਈ ਹੇਠ ਸਟੂਡੈਂਟਸ ਪੁਲਿਸ ਕੇਡਿਟ ਅਤੇ ਦੂਜੇ ਵਿਦਿਆਰਥੀਆਂ, ਅਧਿਆਪਕਾਂ ਨੂੰ ਅੱਗਾਂ ਗੈਸਾਂ, ਬਿਜਲੀ ਪੈਟਰੋਲੀਅਮ ਪਦਾਰਥਾਂ ਦੀਆਂ ਘਟਨਾਵਾਂ, ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀ ਸਮੇਂ ਪੀੜਤਾਂ ਨੂੰ ਬਚਾਉਣ ਦੀ ਆਫ਼ਤ ਪ੍ਰਬੰਧਨ ਟ੍ਰੇਨਿੰਗ ਸ਼੍ਰੀ ਕਾਕਾ ਰਾਮ ਵਰਮਾ, ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈੱਡ ਕਰਾਸ ਰਾਹੀਂ ਕਰਵਾਈਆਂ। ਤਾਂ ਜੋ ਘਰਾਂ ਸੰਸਥਾਵਾਂ, ਗੱਡੀਆਂ ਅਤੇ ਦੁਕਾਨਾਂ ਆਦਿ ਵਿਖੇ ਹਾਦਸੇ ਘਟਾਉਣ ਅਤੇ ਐਮਰਜੈਂਸੀ ਦੌਰਾਨ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਲਈ ਸਮਝਦਾਰੀ ਨਾਲ ਯਤਨ ਕੀਤੇ ਜਾਣ। ਸ਼੍ਰੀ ਕਾਕਾ ਰਾਮ ਵਰਮਾ



ਨੇ ਦੱਸਿਆ ਕਿ 90% ਦੁਰਘਟਨਾਵਾਂ, ਇਨਸਾਨੀ ਗਲਤੀਆਂ, ਲਾਪਰਵਾਹੀਆਂ ਅਤੇ ਅਗਿਆਨਤਾ ਕਾਰਨ ਹੋ ਰਹੀਆਂ ਹਨ। ਇਸ ਲਈ ਹਰੇਕ ਸਿਖਿਆ ਸੰਸਥਾ ਵਲੋਂ ਆਪਣੇ ਵਿਦਿਆਰਥੀਆਂ ਅਧਿਆਪਕਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਸੁਰੱਖਿਆ ਬਚਾਓ ਨੂੰ ਮਹਤਵਪੂਰਣ ਸਮਝਦੇ ਹੋਏ ਸਾਲ ਵਿੱਚ ਇੱਕ ਦੋ ਵਾਰ ਇਹ ਟ੍ਰੇਨਿੰਗਾਂ ਕਰਵਾਉਣ ਲਈ ਵਿਸ਼ਾ ਮਾਹਿਰਾਂ ਨੂੰ ਬੁਲਾਉਣਾ ਚਾਹੀਦਾ ਹੈ। ਵਿਦਿਆਰਥੀਆਂ ਨੂੰ ਕਿਡਨੈਪਿੰਗ, ਘਰੋਂ ਭਜਣ, ਮਾੜੇ ਅਨਸਰਾਂ ਨਾਲ ਸਬੰਧ ਰੱਖਣ, ਲਾਲਚ, ਵਿਸ਼ਵਾਸ, ਡਰ, ਨਸ਼ਿਆਂ ਅਪਰਾਧਾਂ ਵਿੱਚ ਫਸਕੇ ਆਪਣੇ ਆਪ ਨੂੰ ਬਰਬਾਦੀ ਤੋਂ ਬਚਾਉਣ ਅਤੇ ਹੈਲਪ ਲਾਈਨ ਨੰਬਰਾਂ ਬਾਰੇ ਦਸਿਆ।ਸਰਦੀਆਂ ਵਿੱਚ ਗੈਸਾਂ, ਅੰਗੀਠੀ, ਗਿਜਰ, ਕਰੰਟ ਲੱਗਣ, ਬੰਦ ਕਮਰਿਆਂ ਵਿੱਚ ਆਕਸੀਜਨ ਦੀ ਕਮੀਂ ਕਾਰਨ ਹੋਣ ਵਾਲੀਆਂ ਘਟਨਾਵਾਂ ਸਮੇਂ ਬਚਣ, ਬਚਾਉਣ ਦੀ ਜਾਣਕਾਰੀ ਦਿੱਤੀ। ਦਿਲ ਦੇ ਦੌਰੇ ਦੀਆਂ ਨਿਸ਼ਾਨੀਆਂ ਅਤੇ ਪੀੜਤਾਂ ਨੂੰ ਬਚਾਉਣ ਲਈ ਵਿਸ਼ੇਸ ਫਸਟ ਏਡ ਅਤੇ ਏ ਬੀ ਸੀ ਡੀ, ਡਿਸਪ੍ਰੀਨ ਦੀ ਗੋਲੀ ਜਾਂ ਪੀਸੀ ਹੋਈ ਮਿਰਚਾਂ ਪੀੜਤਾਂ ਦੇ ਮੂੰਹ ਵਿੱਚ ਪਾਉਣਾ। ਕਾਰਡੀਅਕ ਅਰੈਸਟ ਸਮੇਂ ਰਿਕਵਰੀ ਜਾਂ ਵੈਂਟੀਲੈਟਰ ਪੁਜੀਸ਼ਨ ਅਤੇ ਸੀ ਪੀ ਆਰ ਦੀ ਟ੍ਰੇਨਿੰਗ ਬਚਿੱਆ ਰਾਹੀਂ ਕਰਵਾਈ।

ਡਾਕਟਰ ਜਸਵਿੰਦਰ ਸਿੰਘ ਰਾਸ਼ਟਰਪਤੀ ਐਵਾਰਡੀ, ਬਲਜੀਤ ਕੌਰ ਅਤੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਅਤੇ ਸ਼੍ਰੀ ਕਾਕਾ ਰਾਮ ਵਰਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਹਰਰੋਜ ਹਜ਼ਾਰਾਂ ਲੋਕ, ਵਿਦਿਆਰਥੀ ਕਰਮਚਾਰੀ, ਅਚਾਨਕ ਵਾਪਰਨ ਵਾਲੀਆ ਦੁਰਘਟਨਾਵਾਂ ਦੌਰਾਨ ਫਸਟ ਏਡ, ਸੀ ਪੀ ਆਰ, ਨਾ ਮਿਲਣ ਕਾਰਨ ਮਰ ਰਹੇ ਹਨ ਇਸ ਲਈ ਇਹ ਟ੍ਰੇਨਿੰਗਾਂ ਵਿਦਿਆਰਥੀਆਂ, ਕਰਮਚਾਰੀਆਂ ਅਧਿਆਪਕ ਅਤੇ ਨਾਗਰਿਕ ਨੂੰ ਨਿਰੰਤਰ ਹੋਣੀਆਂ ਚਾਹੀਦੀਆਂ ਹਨ।

ਡਾ. ਸਤਿੰਦਰ ਸਰਤਾਜ ਦੀ 'ਦ ਫਿਲਾਸਫੀ ਆਫ ਰੈਜ਼ੋਨੈਂਸ' ਨੇ ਬੈਂਗਲੁਰੂ ਨੂੰ ਕੀਤਾ ਮੰਤਰਮੁਗਧ

ਬੈਂਗਲੁਰੂ, 21 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬੀ ਸੰਗੀਤ ਦੇ ਮਹਾਨ ਗਾਇਕ ਡਾ. ਸਤਿੰਦਰ ਸਰਤਾਜ ਨੇ ਆਪਣੇ ਬਹੁ-ਉਡੀਕੇ ਇੰਡੀਆ ਟੂਰ — ਦ ਫਿਲਾਸਫੀ ਆਫ ਰੈਜ਼ੋਨੈਂਸ ਤਹਿਤ ਬੈਂਗਲੁਰੂ ਵਿੱਚ ਇੱਕ ਭਾਵਪੂਰਨ ਲਾਈਵ ਪੇਸ਼ਕਾਰੀ ਨਾਲ ਸੰਗੀਤ ਪ੍ਰੇਮੀਆਂ ਨੂੰ ਮੰਤਰਮੁਗਧ ਕਰ ਦਿੱਤਾ।

ਇਹ ਸੰਗੀਤਕ ਪ੍ਰੋਗਰਾਮ ਬੈਂਗਲੁਰੂ ਦੇ ਟੈਰਾਫਾਰਮ - ਡਿਸਟ੍ਰਿਕਟ ਅਰੀਨਾ ਵਿਖੇ ਕਰਵਾਇਆ ਗਿਆ, ਜਿੱਥੇ ਗਾਇਕ-ਕਵੀ ਨੂੰ ਸਟੇਜ 'ਤੇ ਲਾਈਵ ਦੇਖਣ ਲਈ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ



ਸਨ। ਆਪਣੇ ਕਾਵਿ-ਮਈ ਗੀਤਾਂ, ਸੂਫ਼ੀ ਅੰਦਾਜ਼ ਅਤੇ ਦਿਲ ਨੂੰ ਛੂਹ ਜਾਣ ਵਾਲੀ ਆਵਾਜ਼ ਲਈ ਜਾਣੇ ਜਾਂਦੇ ਡਾ. ਸਰਤਾਜ ਨੇ ਆਪਣੇ ਸਦਾਬਹਾਰ ਹਿੱਟ ਗੀਤਾਂ ਅਤੇ ਨਵੀਆਂ ਰਚਨਾਵਾਂ ਦਾ ਸੁੰਦਰ ਸੰਗਮ ਪੇਸ਼ ਕੀਤਾ। ਦਰਸ਼ਕ ਸਾਰੀ ਸ਼ਾਮ ਸੰਗੀਤ, ਕਵਿਤਾ ਅਤੇ ਦਰਸ਼ਨ ਰਾਹੀਂ ਦਿਲਾਂ ਨੂੰ ਜੋੜਨ ਵਾਲੀ ਇਸ ਪੇਸ਼ਕਾਰੀ ਵਿੱਚ ਡੁੱਬੇ ਰਹੇ — ਇਹੀ ਇਸ ਟੂਰ ਦੀ ਅਸਲੀ ਆਤਮਾ ਹੈ।

ਇੰਡੀਆ ਟੂਰ ਦੇਸ਼ ਦੇ ਕਈ ਪ੍ਰਮੁੱਖ ਸ਼ਹਿਰਾਂ ਵਿੱਚ ਹੋ ਰਿਹਾ ਹੈ। ਇਸ ਟੂਰ ਤਹਿਤ ਉਹ ਪਹਿਲਾਂ ਹੀ ਜੈਪੁਰ, ਕਰਨਾਲ, ਇੰਦੌਰ, ਗੰਗਾਨਗਰ, ਨਾਗਪੁਰ, ਲਖੀਮਪੁਰ ਅਤੇ ਰੋਹਤਕ ਵਰਗੇ ਸ਼ਹਿਰਾਂ ਵਿੱਚ ਪੇਸ਼ਕਾਰੀ ਦੇ ਚੁੱਕੇ ਹਨ। ਬੈਂਗਲੁਰੂ ਤੋਂ ਬਾਅਦ ਇਹ ਟੂਰ ਜਲੰਧਰ, ਹਿਸਾਰ, ਗੁਰਦਾਸਪੁਰ ਅਤੇ ਚੰਡੀਗੜ੍ਹ ਸਮੇਤ ਹੋਰ ਸ਼ਹਿਰਾਂ ਵਿੱਚ ਜਾਵੇਗਾ। ਸੰਗੀਤ ਪ੍ਰੇਮੀਆਂ ਨੇ ਇਸ ਸ਼ਾਮ ਨੂੰ ਕਵਿਤਾ, ਧੁਨ ਅਤੇ ਰੈਜ਼ੋਨੈਂਸ ਦਾ ਇੱਕ ਯਾਦਗਾਰ ਅਨੁਭਵ ਦੱਸਿਆ।

ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਯਮੁਨਾਨਗਰ ਦੀ ਕਾਰਜਕਾਰਨੀ ਬਣਾਈ

ਪੈ.ਗਾਮ-ਏ-ਜਗਤ/ਅੰਬਾਲਾ
21 ਨਵੰਬਰ (ਆਰ. ਸਿੰਘ)

ਸ਼੍ਰੋਮਣੀ ਅਕਾਲੀ ਦਲ (ਬਾਦਲ) ਰਹਿਆਣਾ ਨੇ ਆਪਣੀਆਂ ਸਰਗਰਮੀਆਂ ਤੇਜ ਕਰ ਦਿੱਤੀਆਂ ਹਨ। ਪਾਰਟੀ ਦੇ ਹਰਿਆਣਾ ਇਕਾਈ ਦੇ ਪ੍ਰਧਾਨ ਹਰਕੇਸ਼ ਸਿੰਘ ਮੌਹੜੀ ਨੇ ਅੱਜ ਇਥੇ ਦੱਸਿਆ ਕਿ ਉਨ੍ਹਾਂ ਨੇ ਜ਼ਿਲ੍ਹਾ ਯਮੁਨਾ ਨਗਰ ਦੇ ਵਰਕਰਾਂ ਦੀ ਮੀਟਿੰਗ ਕਰਕੇ ਜ਼ਿਲ੍ਹੇ ਦੀ ਸ਼੍ਰੋਮਣੀ ਅਕਾਲੀ ਦਲ ਦੀ ਨਵੀਂ ਕਾਰਜਕਾਰਨੀ ਦਾ ਗਠਨ ਕਰ



ਦਿੱਤਾ ਹੈ।

ਮੌਹੜੀ ਨੇ ਦੱਸਿਆ ਕਿ ਬਲਜੀਤ ਸਿੰਘ ਕਾਲਾ ਨੂੰ ਪਾਰਟੀ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਜਦੋਂ ਕਿ ਛਬੀਲ ਸਿੰਘ ਮਾਸਟਰ ਛਛਰੌਲੀ ਨੂੰ ਜਨਰਲ ਸਕੱਤਰ, ਨਾਇਬ ਸਿੰਘ ਬਲਾਚੌਰ ਨੂੰ ਵਾਈਸ ਜਨਰਲ ਸਕੱਤਰ, ਸਤਵਿੰਦਰ ਸਿੰਘ ਚਾਵਲਾ ਨੂੰ ਸ਼ਹਿਰੀ ਪ੍ਰਧਾਨ, ਰਾਜਵਿੰਦਰ ਸਿੰਘ ਕਾਲਾ ਨੂੰ ਸ਼ਹਿਰੀ ਵਾਈਸ ਪ੍ਰਧਾਨ, ਗੁਰਜਿੰਦਰ ਸਿੰਘ ਗਨੌਲਾ ਨੂੰ ਯੂਥ ਪ੍ਰਧਾਨ, ਹਰਿੰਦਰ ਸਿੰਘ ਕੜਕੌਲੀ ਨੂੰ ਦਿਹਾਤੀ ਪ੍ਰਧਾਨ, ਕੁਲਦੀਪ ਸਿੰਘ ਸਰਾਵਾਂ ਨੂੰ ਬਲਾਕ ਪ੍ਰਧਾਨ ਸਢੌਰਾ, ਗਗਨਦੀਪ ਸਿੰਘ ਭਾਟੀਆ ਨੂੰ ਦਿਹਾਤੀ ਜਨਰਲ ਸਕੱਤਰ ਅਤੇ ਹਰਪਾਲ ਸਿੰਘ ਬੈਂਸ ਨੂੰ ਪਾਰਟੀ ਦਾ ਬੁਲਾਰਾ ਨਿਯੁਕਤ ਕੀਤਾ ਗਿਆ ਹੈ।

ਦੇਸ਼ ਭਗਤ ਯੂਨੀਵਰਸਿਟੀ ਹਫ਼ਤਾ ਭਰ ਮਨਾਏਗੀ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ

ਪੈ.ਗਾਮ-ਏ-ਜਗਤ/ਮੰਡੀ ਗੋਬਿੰਦਗੜ੍ਹ
21 ਨਵੰਬਰ (ਪਰਮਜੀਤ ਸਿੰਘ ਪਰਵਾਨਾ)

- **ਗੁਰੂ ਜੀ ਦੇ ਸ਼ਾਂਤੀ, ਬਰਾਬਰੀ ਅਤੇ ਮਨੁੱਖਤਾ ਦੇ ਸੰਦੇਸ਼ ਦੇ ਪ੍ਰਚਾਰ ਲਈ ਕਈ ਪ੍ਰੋਗਰਾਮ ਉਲੀਕੇ**

ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਫ਼ਤਾ ਭਰ ਧਾਰਮਿਕ, ਵਿੱਦਿਅਕ, ਸੱਭਿਆਚਾਰਕ ਅਤੇ ਲੋਕ ਸੇਵਾ ਨਾਲ ਸਬੰਧਤ ਵੱਖ-ਵੱਖ ਸਰਗਰਮੀਆਂ 23 ਨਵੰਬਰ ਤੋਂ ਆਰੰਭ 28 ਨਵੰਬਰ ਤਕ ਚੱਲਣਗੀਆਂ। ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਦੀਵੀ ਸਿੱਖਿਆਵਾਂ ਸ਼ਾਂਤੀ, ਬਰਾਬਰੀ, ਦਇਆ, ਮਨੁੱਖਤਾ, ਸਮਾਜਿਕ ਸਦਭਾਵਨਾ ਅਤੇ ਨਿਸ਼ਕਾਮ ਸੇਵਾ ਦੇ ਸਿਧਾਂਤਾਂ ਨੂੰ ਲੋਕਾਂ ਤਕ ਪਹੁੰਚਾਉਣਾ ਹੈ।

ਯੂਨੀਵਰਸਿਟੀ ਦੇ ਵੱਖ-ਵੱਖ ਫੈਕਲਟੀਆਂ ਅਤੇ ਵਿਭਾਗਾਂ ਵੱਲੋਂ ਅਜਿਹੇ ਸਮਾਗਮ ਉਲੀਕੇ ਗਏ ਹਨ, ਜਿਨ੍ਹਾਂ ਰਾਹੀਂ ਅਜੋਕੇ ਸਮਾਜ ਵਿੱਚ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਦੀ ਮਹੱਤਤਾ ਨੂੰ ਉਜਾਗਰ ਕੀਤਾ ਜਾਵੇਗਾ। ਇਨ੍ਹਾਂ ਸਮਾਗਮਾਂ ਦੀ ਸ਼ੁਰੂਆਤ 23 ਨਵੰਬਰ ਨੂੰ ਫੈਕਲਟੀ ਆਫ਼ ਲੀਗਲ ਸਟੱਡੀਜ਼ ਵੱਲੋਂ ਮਹਾਪ੍ਰਗਿਆ ਸੈਮੀਨਾਰ ਹਾਲ ਵਿਖੇ ਕਰਵਾਏ ਜਾਣ ਵਾਲੇ ਕੌਮੀ ਸੈਮੀਨਾਰ ਨਾਲ ਹੋਵੇਗੀ। ਇਸ ਦਾ ਵਿਸ਼ਾ "ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਤੇ ਸਮਕਾਲੀ ਭਾਰਤ ਵਿੱਚ ਮਨੁੱਖੀ ਅਧਿਕਾਰ" ਹੋਵੇਗਾ। ਇਸੇ ਦਿਨ ਸਕੂਲ ਆਫ਼ ਫਾਰਮੇਸੀ ਵੱਲੋਂ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਪ੍ਰਸ਼ਨੋਤਰੀ ਮੁਕਾਬਲਾ ਅਤੇ ਭਾਸ਼ਣ ਸਰਗਰਮੀਆਂ ਵੀ ਕਰਵਾਈਆਂ ਜਾਣਗੀਆਂ।

24 ਨਵੰਬਰ ਨੂੰ ਦੇਸ਼ ਭਗਤ ਆਯੁਰਵੈਦਿਕ ਹਸਪਤਾਲ ਵੱਲੋਂ ਮੰਡੀ ਗੋਬਿੰਦਗੜ੍ਹ ਸਥਿਤ ਗੁਰਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾਵੇਗਾ। ਦੇਸ਼ ਭਗਤ ਹਸਪਤਾਲ ਵੱਲੋਂ ਹਸਪਤਾਲ ਤੋਂ 15 ਕਿਲੋਮੀਟਰ ਦੇ ਘੇਰੇ ਵਿੱਚ ਸਥਿਤ ਪਿੰਡਾਂ ਦੇ ਵਸਨੀਕਾਂ ਨੂੰ ਮਿਆਰੀ ਅਤੇ ਸੌਖੀਆਂ ਸਿਹਤ ਸੇਵਾਵਾਂ ਮੁਹਈਆ ਕਰਵਾਉਣ ਦੇ ਉਦੇਸ਼ ਨਾਲ ਵਿਸ਼ੇਸ਼ ਮਾਨਵਤਾਵਾਦੀ ਸੇਵਾ (ਸੇਵਾ) ਪਹਿਲਕਦਮੀ ਸ਼ੁਰੂ ਕੀਤੀ ਗਈ ਹੈ। ਇਸ ਲੋਕ ਭਲਾਈ ਦੇ ਉਪਰਾਲੇ ਤਹਿਤ, ਨੇੜਲੇ ਪਿੰਡਾਂ ਤੋਂ ਡਾਕਟਰੀ ਸਲਾਹ ਅਤੇ ਇਲਾਜ ਲਈ ਦੇਸ਼ ਭਗਤ ਹਸਪਤਾਲ ਆਉਣ ਵਾਲੇ ਮਰੀਜ਼ਾਂ ਨੂੰ ਉਨ੍ਹਾਂ ਦੇ ਪਿੰਡਾਂ ਤੋਂ ਹਸਪਤਾਲ ਤਕ ਅਤੇ ਇਲਾਜ ਤੋਂ ਬਾਅਦ ਵਾਪਸ ਉਨ੍ਹਾਂ ਦੇ ਸਬੰਧਤ ਪਿੰਡਾਂ ਕ ਪਹੁੰਚਾਉਣ ਲਈ ਮੁਫ਼ਤ ਆਉਣ-ਜਾਣ ਦੀ ਆਵਾਜਾਈ ਸਹੂਲਤ ਮੁਹਈਆ ਕਰਵਾਈ ਜਾਵੇਗੀ। ਇਹ ਸਹੂਲਤ ਦੋ ਹਫ਼ਤਿਆਂ ਤਕ ਜਾਰੀ ਰਹੇਗੀ।

25 ਨਵੰਬਰ ਨੂੰ ਦੇਸ਼ ਭਗਤ ਡੈਂਟਲ ਕਾਲਜ ਵੱਲੋਂ ਅਮਲੋਹ ਦੇ ਗੁਰਦੁਆਰਾ ਸਾਹਿਬ ਵਿਖੇ ਮੁਫ਼ਤ ਦੰਦਾਂ ਦੀ ਜਾਂਚ ਦਾ ਕੈਂਪ ਲਗਾਇਆ ਜਾਵੇਗਾ। ਇਸੇ ਦਿਨ ਫੈਕਲਟੀ ਆਫ਼ ਇੰਜੀਨੀਅਰਿਗ, ਟੈਕਨਾਲੋਜੀ ਐਂਡ ਕੰਪਿਊਟਿੰਗ ਵੱਲੋਂ ਫਾਈਨ ਆਰਟਸ ਵਿਭਾਗ ਦੇ ਸਹਿਯੋਗ ਨਾਲ ਪੋਸਟਰ ਬਣਾਉਣ ਦਾ ਮੁਕਾਬਲਾ ਕਰਵਾਇਆ ਜਾਵੇਗਾ, ਜਦਕਿ ਦੇਸ਼ ਭਗਤ ਆਯੁਰਵੈਦਿਕ ਕਾਲਜ ਵੱਲੋਂ ਮਾਹਿਰਾਂ ਦਾ ਵਿਸ਼ੇਸ਼ ਭਾਸ਼ਣ ਕਰਵਾਇਆ ਜਾਵੇਗਾ।

26 ਨਵੰਬਰ ਨੂੰ ਫੈਕਲਟੀ ਆਫ਼ ਸੋਸ਼ਲ ਸਾਇੰਸਿਜ਼ ਐਂਡ ਲੈਂਗੁਏਜਿਜ਼ ਵੱਲੋਂ ਮਹਾਪ੍ਰਗਿਆ ਸੈਮੀਨਾਰ ਹਾਲ ਵਿਖੇ ਸ਼ਬਦ ਗਾਇਨ ਦਾ ਸਮਾਗਮ ਕਰਵਾਇਆ ਜਾਵੇਗਾ। ਫੈਕਲਟੀ ਆਫ਼ ਨਰਸਿੰਗ ਵੱਲੋਂ ਵੀ ਵਿਸ਼ੇਸ਼ ਭਾਸ਼ਣ ਕਰਵਾਇਆ ਜਾਵੇਗਾ, ਜਿਸ ਵਿੱਚ ਅਜੋਕੇ ਸਮਾਜ ਦੇ ਸੰਦਰਭ ਵਿੱਚ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦੀ ਸਾਰਥਕਤਾ ਬਾਰੇ ਚਾਨਣਾ ਪਾਇਆ ਜਾਵੇਗਾ। 27 ਨਵੰਬਰ ਨੂੰ ਫੈਕਲਟੀ ਆਫ਼ ਐਜੂਕੇਸ਼ਨ ਵੱਲੋਂ ਡੈਂਟਲ ਲਾਅਨ ਵਿਖੇ ਕੀਰਤਨ ਦਾ ਸਮਾਗਮ ਕਰਵਾਇਆ ਜਾਵੇਗਾ। ਹਫ਼ਤਾ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੀ ਸਮਾਪਤੀ 28 ਨਵੰਬਰ ਨੂੰ ਡਿਪਾਰਟਮੈਂਟ ਆਫ਼ ਪਰਫਾਰਮਿੰਗ ਆਰਟਸ ਐਂਡ ਮੀਡੀਆ ਵੱਲੋਂ ਮਹਾਪ੍ਰਗਿਆ ਸੈਮੀਨਾਰ ਹਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਉੱਤੇ ਆਧਾਰਿਤ ਫ਼?ਲਮ ਜਾਂ ਲਘੂ ਫ਼?ਲਮ ਦਿਖਾਉਣ ਨਾਲ ਹੋਵੇਗੀ। ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਪ੍ਰੋ-ਵਾਈਸ ਚਾਂਸਲਰ ਪ੍ਰੋ. (ਡਾ.) ਸੰਦੀਪ ਸਿੰਘ ਅਤੇ ਉਪ-ਕੁਲਪਤੀ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਗੁਰੂ ਨਾਨਕ ਦੇਵ ਜੀ ਦੇ ਸਦੀਵੀ ਸੰਦੇਸ਼ ਨਾਮ ਜਪੋ, ਕਿਰਤ ਕਰੋ ਅਤੇ ਵੰਡ ਛਕੋ ਨੂੰ ਅੱਗੇ ਤੋਰਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵਿੱਦਿਅਕ ਸੰਸਥਾਵਾਂ ਦੀ ਜ਼ਿੰਮੇਵਾਰੀ ਸਿਰਫ਼ ਪੜ੍ਹਾਈ ਦੇ ਖੇਤਰ ਵਿੱਚ ਉੱਚੀਆਂ ਪ੍ਰਾਪਤੀਆਂ ਹਾਸਲ ਕਰਨਾ ਹੀ ਨਹੀਂ, ਸਗੋਂ ਵਿਦਿਆਰਥੀਆਂ ਅੰਦਰ ਨੈਤਿਕ ਕਦਰਾਂ-ਕੀਮਤਾਂ, ਸਮਾਜਿਕ ਜ਼ਿੰਮੇਵਾਰੀ, ਦਇਆ ਅਤੇ ਮਨੁੱਖਤਾ ਦੀ ਸੇਵਾ ਕਰਨ ਦੀ ਭਾਵਨਾ ਪੈਦਾ ਕਰਨਾ ਵੀ ਹੈ।

ਸੰਗਰੂਰ ਪੁਲਿਸ ਵੱਲੋਂ ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਸ਼ਰਾਬ ਸਬੰਧੀ 49 ਮੁਕੱਦਮੇ ਦਰਜ, 60 ਮੁਲਜ਼ਮ ਗ੍ਰਿਫ਼ਤਾਰ

ਸੰਗਰੂਰ, 21 ਨਵੰਬਰ (ਪੈ.ਗਾਮ-ਏ-ਜਗਤ)

- **ਤਿੰਨ ਮੁਲਜ਼ਮਾਂ ਕੋਲੋਂ 10 ਮੋਬਾਈਲ ਫ਼ੋਨ, ਮੋਟਰਸਾਈਕਲ ਅਤੇ 61,200 ਰੁਪਏ ਬਰਾਮਦ**

ਜ਼ਿਲ੍ਹਾ ਪੁਲਿਸ ਸੰਗਰੂਰ ਨੇ 1 ਤੋਂ 20 ਨਵੰਬਰ 2026 ਤੱਕ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਸ਼ਰਾਬ ਸਬੰਧੀ ਕੁੱਲ 49 ਮੁਕੱਦਮੇ ਦਰਜ ਕਰਕੇ 60 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਡਾ. ਰਵਜੋਤ ਗਰੇਵਾਲ, ਆਈ.ਪੀ.ਐੱਸ., ਨੇ ਦੱਸਿਆ ਕਿ ਪੁਲਿਸ ਨਸ਼ਾ ਤਸਕਰੀ ਖ਼?ਲਾਫ਼ ਕਾਰਵਾਈ ਦੇ ਨਾਲ-ਨਾਲ ਚੋਰੀ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਸੁਲਝਾਉਣ ਲਈ ਵੀ ਲਗਾਤਾਰ ਕੰਮ ਕਰ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਅਰਸੇ ਦੌਰਾਨ ਨਸ਼ੀਲੇ ਪਦਾਰਥਾਂ ਸਬੰਧੀ 35 ਮੁਕੱਦਮੇ ਦਰਜ ਕਰਕੇ 45 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਇਨ੍ਹਾਂ ਮਾਮਲਿਆਂ ਵਿੱਚ 167 ਗ੍ਰਾਮ ਹੈਰੋਇਨ, 30 ਕਿਲੋ ਭੁੱਕੀ ਚੂਰਾ ਪੋਸਤ ਅਤੇ 90 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਨਾਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖ਼?ਲਾਫ਼ 14 ਮੁਕੱਦਮੇ ਦਰਜ ਕਰਕੇ 15 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਕੋਲੋਂ 1,087.500 ਲੀਟਰ ਦੇਸੀ ਸ਼ਰਾਬ ਅਤੇ 300 ਲੀਟਰ ਲਾਹਣ ਬਰਾਮਦ ਕੀਤੀ ਗਈ। ਐੱਸ.ਐੱਸ.ਪੀ.

ਪੀ.ਜੀ.ਆਈ. ਚੰਡੀਗੜ੍ਹ ਨੂੰ ਲਗਾਤਾਰ ਦੂਜੇ ਸਾਲ ਸਿਹਤ ਖੋਜ ਉੱਤਮਤਾ ਲਈ ਸਿਲਵਰ ਸ਼੍ਰੇਣੀ ਦਾ ਪੁਰਸਕਾਰ

ਚੰਡੀਗੜ੍ਹ, 21 ਨਵੰਬਰ (ਪੈ.ਗਾਮ-ਏ-ਜਗਤ)

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ, ਚੰਡੀਗੜ੍ਹ ਨੂੰ ਤੀਜੇ ਡੀ.ਐਚ.ਆਰ.-ਆਈ. ਸੀ. ਐਮ. ਆਰ. ਸਿਹਤ ਖੋਜ ਉੱਤਮਤਾ ਸਿਖਰ ਸੰਮੇਲਨ 2026 ਵਿੱਚ ਪ੍ਰਕਾਸ਼ਨ ਮੁਲਾਂਕਣ ਮਾਪਦੰਡਾਂ ਤਹਿਤ ਸਿਹਤ ਖੋਜ ਉੱਤਮਤਾ ਲਈ ਸਿਲਵਰ ਸ਼੍ਰੇਣੀ ਦਾ ਪੁਰਸਕਾਰ ਪ੍ਰਦਾਨ ਕੀਤਾ ਗਿਆ ਹੈ। ਸੰਸਥਾਨ ਨੂੰ ਲਗਾਤਾਰ ਦੂਜੇ ਸਾਲ ਇਹ ਵੱਕਾਰੀ ਸਨਮਾਨ ਮਿਲਿਆ ਹੈ।

ਇਹ ਸਨਮਾਨ ਪੀ. ਜੀ. ਆਈ. ਐਮ. ਈ. ਆਰ. ਦੇ ਫੈਕਲਟੀ ਮੈਂਬਰਾਂ ਦੀ ਵਚਨਬੱਧਤਾ, ਅਣਥੱਕ ਮਿਹਨਤ ਅਤੇ ਨਵੀਨਤਾਕਾਰੀ ਵਿਗਿਆਨਕ ਸੋਚ ਦਾ ਪ੍ਰਮਾਣ ਹੈ। ਫੈਕਲਟੀ ਮੈਂਬਰ ਨਾ ਸਿਰਫ਼ ਮਰੀਜ਼



ਦੇਖਭਾਲ, ਸਗੋਂ ਅਧਿਆਪਨ ਅਤੇ ਉੱਚ-ਗੁਣਵੱਤਾ ਵਾਲੇ ਅਕਾਦਮਿਕ ਤੇ ਖੋਜ ਕਾਰਜਾਂ ਵਿੱਚ ਵੀ ਨਿਰੰਤਰ ਉੱਤਮਤਾ ਲਈ ਯਤਨਸ਼ੀਲ ਹਨ। ਇਹ ਪ੍ਰਾਪਤੀ ਡਾਕਟਰੀ ਖੋਜ ਨੂੰ ਅੱਗੇ ਵਧਾਉਣ ਅਤੇ ਸਿਹਤ ਸੇਵਾ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਸੰਸਥਾਨ ਦੇ ਨਿਰੰਤਰ ਯੋਗਦਾਨ ਨੂੰ ਦਰਸਾਉਂਦੀ ਹੈ।

ਪੀ.ਜੀ.ਆਈ.ਐਮ.ਈ.ਆਰ. ਦੇ ਨਿਰਦੇਸ਼ਕ ਪ੍ਰੋ. ਵਿਵੇਕ ਲਾਲ ਦੀ ਕੁਸ਼ਲ ਅਗਵਾਈ ਅਤੇ ਡੀਨ (ਰਿਸਰਚ) ਪ੍ਰੋ. ਸੰਜੀਵ ਹਾਂਡਾ ਤੇ ਡੀਨ (ਅਕਾਦਮਿਕ) ਪ੍ਰੋ. ਸੰਜੇ ਜੈਨ ਦੇ ਮਾਰਗਦਰਸ਼ਨ ਹੇਠ ਸੰਸਥਾਨ ਮਰੀਜ਼ ਦੇਖਭਾਲ, ਸਿੱਖਿਆ ਅਤੇ ਖੋਜ ਦੇ ਸਾਰੇ ਖੇਤਰਾਂ ਵਿੱਚ ਉੱਤਮਤਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਲਗਾਤਾਰ ਮਜ਼ਬੂਤ ਕਰ ਰਿਹਾ ਹੈ।

ਇਹ ਪੁਰਸਕਾਰ 17 ਨਵੰਬਰ 2026 ਨੂੰ ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿੱਚ ਆਯੋਜਿਤ ਦੋ-ਦਿਨਾਂ ਸਿਖਰ ਸੰਮੇਲਨ (16-17 ਨਵੰਬਰ) ਦੌਰਾਨ ਪ੍ਰਦਾਨ ਕੀਤਾ ਗਿਆ। ਪੁਰਸਕਾਰ ਡਾ. ਰਾਜੀਵ ਬਹਲ, ਡਾਇਰੈਕਟਰ ਜਨਰਲ, ਆਈ.ਸੀ.ਐਮ.ਆਰ. ਅਤੇ ਸਕੱਤਰ, ਸਿਹਤ ਖੋਜ ਵਿਭਾਗ ਅਤੇ ਹੋਰ ਪਤਵੰਤਿਆਂ ਵੱਲੋਂ ਪ੍ਰਦਾਨ ਕੀਤਾ ਗਿਆ। ਪੀ.ਜੀ.ਆਈ. ਵੱਲੋਂ ਇਹ ਪੁਰਸਕਾਰ ਮਰਕ ਸੈਂਲ ਦੇ ਫੈਕਲਟੀ ਇੰਚਾਰਜ ਡਾ. ਪ੍ਰਤੀਕ ਭਾਟੀਆ ਨੇ ਪ੍ਰਾਪਤ ਕੀਤਾ।

ਸਿਹਤ ਖੋਜ ਉੱਤਮਤਾ - ਪ੍ਰਕਾਸ਼ਨ ਮੁਲਾਂਕਣ ਮਾਪਦੰਡ (ਐਕਸਟਰਾਮਿਊਰਲ ਸੰਸਥਾਨ, ਓਵਰਆਲ) ਸ਼੍ਰੇਣੀ ਵਿੱਚ ਮਿਲਿਆ ਇਹ ਸਨਮਾਨ ਪੀ. ਜੀ. ਆਈ. ਐਮ. ਈ.ਆਰ. ਚੰਡੀਗੜ੍ਹ ਦੀ ਉਸ ਮੋਹਰੀ ਸੰਸਥਾਨ ਵਜੋਂ ਸਥਿਤੀ ਨੂੰ ਹੋਰ ਮਜ਼ਬੂਤ ਕਰਦਾ ਹੈ, ਜੋ ਪ੍ਰਭਾਵਸ਼ਾਲੀ ਖੋਜ, ਅਕਾਦਮਿਕ ਉੱਤਮਤਾ ਅਤੇ ਸਮਰਪਿਤ ਮਰੀਜ਼ ਦੇਖਭਾਲ ਰਾਹੀਂ ਡਾਕਟਰੀ ਵਿਗਿਆਨ ਨੂੰ ਅੱਗੇ ਵਧਾਉਣ ਲਈ ਨਿਰੰਤਰ ਵਚਨਬੱਧ ਹੈ।

ਭੁਪਿੰਦਰ ਸਿੰਘ ਹੁੱਡਾ ਨੇ ਸਵਰਗੀ ਚੌਧਰੀ ਫੂਲ ਚੰਦ ਮੁਲਾਣਾ ਨੂੰ ਸ਼ਰਧਾਂਜਲੀ ਭੇਟ ਕੀਤੀ

ਪੈ.ਗਾਮ-ਏ-ਜਗਤ
ਅੰਬਾਲਾ, 21 ਨਵੰਬਰ (ਆਰ.ਸਿੰਘ)

ਸਾਬਕਾ ਮੁੱਖ ਮੰਤਰੀ ਅਤੇ ਵਿਰੋਧੀ ਧਿਰ ਦੇ ਨੇਤਾ ਭੁਪਿੰਦਰ ਸਿੰਘ ਹੁੱਡਾ ਨੇ ਸਵਰਗੀ ਚੌਧਰੀ ਫੂਲ ਚੰਦ ਮੁਲਾਣਾ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਹ ਵਿੱਛੜੀ ਆਤਮਾ ਨੂੰ ਵਿਦਾਇਗੀ ਦੇਣ ਲਈ ਅੰਬਾਲਾ ਪਹੁੰਚੇ ਅਤੇ ਪਰਿਵਾਰ ਨਾਲ ਮੁਲਾਕਾਤ ਕਰਕੇ ਸੰਵੇਦਨਾ ਪ੍ਰਗਟ ਕੀਤੀ।

ਇਸ ਮੌਕੇ 'ਤੇ ਹੁੱਡਾ ਨੇ ਕਿਹਾ ਕਿ ਸਾਬਕਾ ਮੰਤਰੀ ਅਤੇ ਹਰਿਆਣਾ ਕਾਂਗਰਸ ਦੇ ਸਾਬਕਾ ਪ੍ਰਧਾਨ ਚੌਧਰੀ ਫੂਲ ਚੰਦ ਮੁਲਾਣਾ ਦਾ ਅਚਾਨਕ ਦੇਹਾਂਤ ਬਹੁਤ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਮੁਲਾਣਾ ਜੀ ਨਾ ਸਿਰਫ਼ ਇੱਕ ਹੁਨਰਮੰਦ ਪ੍ਰਬੰਧਕ ਅਤੇ ਤਜਰਬੇਕਾਰ ਪ੍ਰਸ਼ਾਸਕ ਸਨ, ਸਗੋਂ ਇੱਕ ਬਹੁਤ ਹੀ ਦੋਸਤਾਨਾ, ਸਾਦਾ ਅਤੇ ਖੁਸ਼ਮਿਜ਼ਾਜ ਵਿਅਕਤੀ ਸਨ। ਰਾਜ ਦੀ ਤਰੱਕੀ ਅਤੇ ਸੰਗਠਨ ਦੀ ਮਜ਼ਬੂਤੀ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ



ਯਾਦ ਰੱਖਿਆ ਜਾਵੇਗਾ। ਸਾਦੇ ਸੁਭਾਅ ਵਾਲੇ ਮੁਲਾਣਾ ਜੀ ਦੀ ਹਮੇਸ਼ਾ ਯਾਦ ਰਹੇਗੀ। ਪਰਮਾਤਮਾ ਵਿੱਛੜੀ ਆਤਮਾ ਨੂੰ ਸ਼ਾਂਤੀ ਦੇਵੇ ਅਤੇ ਪਰਿਵਾਰ ਨੂੰ ਇਸ ਨੁਕਸਾਨ ਨੂੰ ਸਹਿਣ ਦੀ ਤਾਕਤ ਦੇਵੇ। ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਹਰਿਆਣਾ ਨੂੰ ਇੱਕ ਪੂਰੇ ਸਮੇਂ ਦੇ ਮੁੱਖ ਮੰਤਰੀ ਦੀ ਲੋੜ ਹੈ। ਕਿਉਂਕਿ ਸੂਬੇ ਦੇ ਮੌਜੂਦਾ ਮੁੱਖ ਮੰਤਰੀ ਹਰਿਆਣਾ ਨਾਲੋਂ ਪੰਜਾਬ ਵਿੱਚ ਜ਼ਿਆਦਾ ਰਹਿੰਦੇ ਹਨ ਅਤੇ ਉੱਥੇ ਖੋਖਲੇ ਵਾਅਦੇ ਕਰਦੇ ਰਹਿੰਦੇ ਹਨ। ਮੁੱਖ ਮੰਤਰੀ ਪੰਜਾਬ ਵਿੱਚ 500 ਰੁਪਏ ਵਿੱਚ ਸਿਲੰਡਰ ਦੇਣ ਦਾ ਵਾਅਦਾ ਕਰ ਰਹੇ ਹਨ ਜਦੋਂ ਕਿ ਉਨ੍ਹਾਂ ਨੇ ਹਰਿਆਣਾ ਵਿੱਚ ਅਜਿਹਾ ਕੋਈ ਵਾਅਦਾ ਪੂਰਾ ਨਹੀਂ ਕੀਤਾ।

ਮੁੱਖ ਮੰਤਰੀ ਪੰਜਾਬ ਵਿੱਚ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦੇਣ ਦਾ ਵਾਅਦਾ ਕਰਦੇ ਹਨ, ਜਦੋਂ ਕਿ ਹਰਿਆਣਾ ਦੇ ਕਿਸਾਨ ਘੱਟੋ-ਘੱਟ ਸਮਰਥਨ ਮੁੱਲ ਲਈ ਤਰਸ ਰਹੇ ਹਨ। ਅੱਜ ਗੰਨਾ ਕਿਸਾਨ ਆਪਣੀਆਂ ਫਸਲਾਂ ਦੇ ਵਾਜਬ ਮੁੱਲ ਲਈ ਅੰਦੋਲਨ ਕਰ ਰਹੇ ਹਨ ਪਰ ਭਾਜਪਾ ਸਰਕਾਰ ਉਨ੍ਹਾਂ ਦੀ ਗੱਲ ਵੀ ਨਹੀਂ ਸੁਣ ਰਹੀ।

ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਜਿਸ ਤਰ੍ਹਾਂ ਭਾਜਪਾ ਹੁਨਰ ਰੁਜ਼ਗਾਰ ਨਿਗਮ ਅਧੀਨ ਅਸਥਾਈ ਕਾਮਿਆਂ ਦੀ ਭਰਤੀ ਕਰ ਰਹੀ ਹੈ, ਭਾਵ ਜਿਨ੍ਹਾਂ ਦੀਆਂ ਨੌਕਰੀਆਂ ਦੀ ਗਰੰਟੀ ਨਹੀਂ ਹੈ, ਉਸੇ ਤਰ੍ਹਾਂ ਭਾਜਪਾ ਨੇ ਹਰਿਆਣਾ ਲਈ ਇੱਕ ਅਸਥਾਈ ਮੁੱਖ ਮੰਤਰੀ ਨਿਯੁਕਤ ਕੀਤਾ ਹੈ।

ਪਿੰਡ ਬਜਵਾੜਾ ਕਲਾਂ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ 24 ਨਵੰਬਰ ਨੂੰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ਼੍ਰੀ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਜੀ ਦੇ ਅਸਥਾਨ ਤੇ ਸਮੂਹ ਸਾਧ ਸੰਗਤ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਜਗਤ ਗੁਰੂ, ਪਾਤਸ਼ਾਹੀ, ਪਹਿਲੀ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ 24 ਨਵੰਬਰ ਨੂੰ ਸ਼ਰਧਾ ਭਾਵਨਾ ਨਾਲ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਤਰਨਾ



ਦਲ ਬਜਵਾੜਾ ਕਲਾਂ ਮੁੱਖੀ ਸਹਿਬਜਾਦਾ ਬਾਬਾ ਫਹਤਿ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਹੈਂਡ ਆਫਿਸ ਬਜਵਾੜਾ ਕਲਾਂ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਇਸ ਮੌਕੇ ਬਾਬਾ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ 24 ਨਵੰਬਰ ਨੂੰ ਸ਼੍ਰੀ ਸਾਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਤਰਨਾ ਦਲ ਬਜਵਾੜਾ ਕਲਾਂ, ਭਾਈ ਨਰੇਸ਼ ਸਿੰਘ ਹੈਂਡ ਗ੍ਰੰਥੀ ਬਜਵਾੜਾ ਕਲਾਂ, ਭਾਈ ਜਤਿੰਦਰ ਸਿੰਘ ਪਿੱਪਲੀ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਾਲੇ, ਭਾਈ ਸਿਮਰਨਜੀਤ ਸਿੰਘ -ਭਾਈ ਬਲਜੋਤ ਸਿੰਘ ਚੱਬਵਾਲ ਕਵੀਸ਼ਰੀ ਜੱਥਾ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਜ਼ਿਲ੍ਹਾ ਅਹੁਦੇਦਾਰਾਂ ਦੀ ਮੀਟਿੰਗ ਦੌਰਾਨ ਵਿਚਾਰ ਚਰਚਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਪ੍ਰਧਾਨ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਦੀ ਅਗਵਾਈ ਹੇਠ ਐਸੋਸੀਏਸ਼ਨ ਦੇ ਜ਼ਿਲ੍ਹਾ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ ਖੇਤਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਡੋਂ ਵਿਖੇ ਹੋਈ ਜਿਸ ਦੌਰਾਨ ਹਾਜ਼ਰ ਅਹੁਦੇਦਾਰਾਂ ਵੱਲੋਂ ਆਉਣ ਵਾਲੇ ਟੂਰਨਾਮੈਂਟਾਂ ਦੇ ਪ੍ਰਬੰਧਾਂ, ਫੁੱਟਬਾਲ ਖੇਡ ਦੀ ਪ੍ਰਫੁੱਲਤਾ, ਕੋਚਿੰਗ ਅਤੇ ਨਵੇਂ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਸਬੰਧੀ ਵਿਚਾਰ ਚਰਚਾ ਕੀਤੀ ਗਈ।

ਇਸ ਮੌਕੇ ਐਸੋਸੀਏਸ਼ਨ ਦੇ ਜਨਰਲ ਸਕੱਤਰ ਇਕਬਾਲ ਸਿੰਘ ਖੇੜਾ, ਖਜ਼ਾਨਚੀ ਪ੍ਰਿੰਸੀਪਲ ਸੁਖਵਿੰਦਰ ਸਿੰਘ ਸਮੇਤ ਹੋਰ ਅਹੁਦੇਦਾਰਾਂ ਨੇ ਹਿੱਸਾ ਲਿਆ। ਮੀਟਿੰਗ ਮੌਕੇ ਪ੍ਰਧਾਨ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਮੂਹ ਅਹੁਦੇਦਾਰਾਂ ਦਾ ਸਵਾਗਤ ਕੀਤਾ ਅਤੇ ਆਉਣ ਵਾਲੇ ਟੂਰਨਾਮੈਂਟਾਂ ਵਿਚ ਚੰਗੇ ਪ੍ਰਬੰਧਾਂ, ਖਿਡਾਰੀਆਂ ਦੀ ਸ਼ਮੂਲੀਅਤ ਅਤੇ ਖਿਡਾਰੀਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਸਬੰਧੀ ਵਿਚਾਰ ਪੇਸ਼ ਕੀਤੇ।

ਉਨ੍ਹਾਂ ਕਿਹਾ ਕਿ ਫੁੱਟਬਾਲ ਐਸੋਸੀਏਸ਼ਨ ਦਾ ਮੁੱਖ ਮੰਤਵ ਵੱਖ-ਵੱਖ ਉਮਰ ਵਰਗਾਂ ਅਤੇ ਕੈਟਾਗਰੀਆਂ ਦੇ ਖਿਡਾਰੀਆਂ ਦੀ ਖੇਡ ਪ੍ਰਤਿਭਾ ਨੂੰ ਹਰ ਸੰਭਵ ਸਮਰਥਨ ਦੇਣਾ ਅਤੇ ਫੁੱਟਬਾਲ ਖੇਡ ਦੀ ਪ੍ਰਫੁੱਲਤਾ ਲਈ ਚੰਗਾ ਪ੍ਰਬੰਧਕੀ ਢਾਂਚਾ ਕਾਇਮ ਰੱਖਣਾ ਹੈ। ਐਸੋਸੀਏਸ਼ਨ ਦੇ ਸਕੱਤਰ ਇਕਬਾਲ ਸਿੰਘ ਖੇੜਾ ਨੇ ਜ਼ਿਲ੍ਹੇ ਅੰਦਰ ਹੋਣ ਵਾਲੇ ਫੁੱਟਬਾਲ ਟੂਰਨਾਮੈਂਟਾਂ ਦੀ ਤਫਸੀਲ ਸਾਂਝੀ ਕੀਤੀ ਅਤੇ ਟੂਰਨਾਮੈਂਟਾਂ ਦੇ ਚੰਗੇ ਪ੍ਰਬੰਧਾਂ, ਖਿਡਾਰੀਆਂ ਲਈ ਸਹੂਲਤਾਂ ਅਤੇ ਖੇਡ ਨਿਯਮਾਂ ਦੀ ਪਾਰਦਰਸ਼ਤਾ ਬਾਰੇ ਵਿਚਾਰ ਰੱਖੇ। ਐਸੋਸੀਏਸ਼ਨ ਦੇ ਖਜ਼ਾਨਚੀ ਪ੍ਰਿੰਸੀਪਲ ਸੁਖਵਿੰਦਰ ਸਿੰਘ ਨੇ ਟੂਰਨਾਮੈਂਟਾਂ ਦੌਰਾਨ ਹੋਣ ਵਾਲੇ ਵਿੱਤੀ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਐਸੋਸੀਏਸ਼ਨ ਦੇ ਹੋਰ ਅਹੁਦੇਦਾਰਾਂ ਮੀਤ ਪ੍ਰਧਾਨ ਚਰਨਜੀਤ ਕੌਰ, ਮੀਤ ਪ੍ਰਧਾਨ ਸੁਖਵਿੰਦਰ ਸਿੰਘ, ਮੀਤ ਪ੍ਰਧਾਨ ਡਾ ਰਾਮ ਮੂਰਤੀ ਨੇ ਵੀ ਫੁੱਟਬਾਲ ਐਸੋਸੀਏਸ਼ਨ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਮੁੱਲਵਾਨ ਸੁਝਾਅ ਦਿੱਤੇ। ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਪੇਸ਼ ਵਿਚਾਰਾਂ ਨਾਲ ਸਹਿਮਤੀ ਪ੍ਰਗਟ ਕਰਦਿਆਂ ਪ੍ਰਧਾਨ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਕਿਹਾ ਕਿ ਫੁੱਟਬਾਲ ਖੇਡ ਮਾਹਿਲਪੁਰ ਇਲਾਕੇ ਦੀ ਵਿਸ਼ੇਸ਼ ਪਛਾਣ ਹੈ ਅਤੇ ਇਸਦੀ ਪ੍ਰਫੁੱਲਤਾ ਲਈ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੀ ਅਗਵਾਈ ਹੇਠ ਕੰਮ ਕਰਦਿਆਂ ਸਾਬਕਾ ਖਿਡਾਰੀਆਂ , ਫੁਟਬਾਲ ਪ੍ਰਮੋਟਰਾਂ ਅਤੇ ਦੇਸ਼ਾਂ ਵਿਦੇਸ਼ਾਂ ਵਿੱਚ ਬੈਠੇ ਸਹਿਯੋਗੀਆਂ ਦੇ ਹਰ ਸਹਿਯੋਗ ਦਾ ਸਵਾਗਤ ਕੀਤਾ ਜਾਵੇਗਾ। ਧੰਨਵਾਦੀ ਸ਼ਬਦ ਐਸੋਸੀਏਸ਼ਨ ਦੇ ਜਨਰਲ ਸਕੱਤਰ ਇਕਬਾਲ ਸਿੰਘ ਖੇੜਾ ਨੇ ਸਾਂਝੇ ਕੀਤੇ। ਇਸ ਮੌਕੇ ਫੁੱਟਬਾਲ ਐਸੋਸੀਏਸ਼ਨ ਦੇ ਹੋਰ ਅਹੁੱਦੇਦਾਰਾਂ ਵਿੱਚ ਅਡਜੈਕਟਿਵ ਮੈਂਬਰ ਪ੍ਰਵੀਨ ਕੁਮਾਰ, ਅਮਨਦੀਪ ਸਿੰਘ ਬੈਂਸ, ਕੁਲਵਿੰਦਰ ਕੌਰ, ਪ੍ਰਿੰਸੀਪਲ ਜਗਮੋਹਨ ਸਿੰਘ, ਕੋਚ ਮਨਵੀਰ ਸਿੰਘ, ਮਨਜੀਤ ਸਿੰਘ ਸੈਦੋਂ ਪੱਟੀ ਹਾਜ਼ਰ ਸਨ।

ਵੋਟਰ ਸੂਚੀ ਦੀ ਵਿਸ਼ੇਸ਼ ਸਰਸਰੀ ਸੁਧਾਈ-2027: 22 ਨਵੰਬਰ ਨੂੰ ਸਮੂਹ ਪੋਲਿੰਗ ਬੂਥਾਂ 'ਤੇ ਲਗਣਗੇ ਵਿਸ਼ੇਸ਼ ਕੈਂਪ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
21 ਨਵੰਬਰ (ਪੈ.ਗਾਮ-ਏ-ਜਗਤ)

ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ (ਐੱਸ.ਐੱਸ.ਆਰ.)-2027 ਤਹਿਤ ਯੋਗ ਨਾਗਰਿਕਾਂ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਅਤੇ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਸੋਧ ਸਬੰਧੀ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ 22 ਨਵੰਬਰ, 2026 (ਐਤਵਾਰ) ਨੂੰ ਜ਼ਿਲ੍ਹੇ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ (52-ਖਰੜ, 53-ਐੱਸ.ਏ.ਐੱਸ. ਨਗਰ ਅਤੇ 112-ਡੇਰਾਬੱਸੀ) ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਅਦਿੱਤਿਆ ਡਚਲਵਾਲ ਨੇ ਦੱਸਿਆ ਕਿ ਇਹ ਵਿਸ਼ੇਸ਼ ਕੈਂਪ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਲਗਾਏ ਜਾਣਗੇ, ਜਿਸ ਦੌਰਾਨ ਸਮੂਹ ਬੂਥ ਲੈਵਲ ਅਫ਼ਸਰ (ਬੀ.ਐੱਲ.ਓਜ਼) ਅਤੇ ਸੁਪਰਵਾਈਜ਼ਰ ਆਪੋ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿ ਕੇ ਆਮ ਨਾਗਰਿਕਾਂ ਨੂੰ ਚੋਣਾਂ ਨਾਲ ਸਬੰਧਤ ਸੇਵਾਵਾਂ ਪ੍ਰਦਾਨ ਕਰਨਗੇ। ਉਨ੍ਹਾਂ

- **ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਬੂਥਾਂ 'ਤੇ ਹਾਜ਼ਰ ਰਹਿਣਗੇ ਬੀ.ਐੱਲ.ਓਜ਼: ਡੀ.ਸੀ. ਅਦਿੱਤਿਆ ਡਚਲਵਾਲ**



ਦੱਸਿਆ ਕਿ ਇਸ ਕੈਂਪ ਦੇ ਸੁਚਾਰੂ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਭਾਰਤ ਚੋਣ ਕਮਿਸ਼ਨ ਵੱਲੋਂ ਨਿਯੁਕਤ ਕੀਤੇ ਗਏ ਇਲੈਕਟੋਰਲ ਰੋਲ ਅਬਜ਼ਰਵਰ-ਕਮ-ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ ਵੱਲੋਂ 22 ਨਵੰਬਰ (ਐਤਵਾਰ) ਨੂੰ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਵੀ ਕੀਤਾ ਜਾਵੇਗਾ।


ਡਿਪਟੀ ਕਮਿਸ਼ਨਰ ਨੇ 1 ਜਨਵਰੀ, 2027 ਨੂੰ ਜਾਂ ਇਸ ਤੋਂ ਪਹਿਲਾਂ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਜ਼ਿਲ੍ਹੇ ਦੇ ਸਾਰੇ ਯੋਗ ਨੌਜਵਾਨਾਂ ਅਤੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਸ਼ੇਸ਼ ਕੈਂਪ ਦਾ ਵੱਧ ਤੋਂ ਵ

ਡਾ. ਪਤੰਗ ਦੀ ਪੁਸਤਕ 'ਗੱਲ ਉਨ੍ਹਾਂ ਦਿਨਾਂ ਦੀ' ਹੋਈ ਲੋਕ-ਅਰਪਣ

ਪੰਜਾਬੀ ਲੇਖਕ ਸਭਾ ਚੰਡੀਗੜ੍ਹ ਨੇ ਪ੍ਰੈਸ ਕਲੱਬ 'ਚ ਰਚਾਇਆ ਸਮਾਗਮ

ਚੰਡੀਗੜ੍ਹ, 21 ਨਵੰਬਰ (ਪੈ.ਗਾਮ-ਏ-ਜਗਤ)

ਪ੍ਰਸਿੱਧ ਸਾਹਿਤਕਾਰ ਡਾ. ਅਵਤਾਰ ਸਿੰਘ ਪਤੰਗ ਦੀ ਨਵੀਂ ਵਾਰਤਕ ਪੁਸਤਕ 'ਗੱਲ ਉਨ੍ਹਾਂ ਦਿਨਾਂ ਦੀ' ਦਾ ਲੋਕ ਅਰਪਣ ਅਤੇ ਵਿਚਾਰ ਚਰਚਾ ਸਮਾਗਮ ਅੱਜ ਪੰਜਾਬੀ ਲੇਖਕ ਸਭਾ (ਰਜਿ:) ਚੰਡੀਗੜ੍ਹ ਵੱਲੋਂ ਚੰਡੀਗੜ੍ਹ ਪ੍ਰੈਸ ਕਲੱਬ ਵਿਖੇ ਕਰਵਾਇਆ ਗਿਆ। ਡਾ. ਪਤੰਗ ਦੀ ਇਸ ਸੱਤਵੀਂ ਪੁਸਤਕ ਵਿੱਚ ਰਹਿਤਲ ਤੇ ਬਹਿਤਲ ਨੂੰ ਸਮਰਪਿਤ 19 ਲੇਖ ਦਰਜ ਕੀਤੇ ਗਏ ਹਨ ਜਿਨ੍ਹਾਂ ਰਾਹੀਂ ਸਭਿਆਚਾਰ ਨੂੰ ਸਾਂਭ ਕੇ ਰੱਖਣ ਦਾ ਸੁਨੇਹਾ ਦਿੱਤਾ ਗਿਆ ਹੈ। ਪੰਜਾਬੀ ਲੇਖਕ ਸਭਾ ਚੰਡੀਗੜ੍ਹ ਦੀ 1982 'ਚ ਹੋਈ ਸਥਾਪਨਾ ਤੋਂ ਲੈ ਕੇ ਹੁਣ ਤੱਕ ਸਰਗਰਮ ਭੂਮਿਕਾ ਨਿਭਾਉਂਦੇ ਆ ਰਹੇ ਹਨ।



ਪੁਸਤਕ ਰਿਲੀਜ਼ ਕਰਨ ਸਮੇਂ ਪ੍ਰਧਾਨਗੀ ਮੰਡਲ ਵਿੱਚ ਲੇਖਕ ਡਾ. ਅਵਤਾਰ ਸਿੰਘ ਪਤੰਗ ਤੋਂ ਇਲਾਵਾ ਮੁੱਖ ਮਹਿਮਾਨ ਡਾ. ਦੀਪਕ ਮਨਮੋਹਨ ਸਿੰਘ, ਸਮਾਗਮ ਦੀ ਪ੍ਰਧਾਨਗੀ ਕਰ ਰਹੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਅਤੇ ਪੰਜਾਬ ਯੂਨੀਵਰਸਿਟੀ ਦੇ ਸੈਨੇਟ ਮੈਂਬਰ ਡਾ. ਸਰਬਜੀਤ ਸਿੰਘ, ਸ਼ਿ?ਰੋਮਣੀ ਸਾਹਿਤਕਾਰ ਮਨਮੋਹਨ ਸਿੰਘ ਦਾਊਂ, ਸੀਨੀਅਰ ਪ੍ਰਸਾਰਣ ਅਧਿਕਾਰੀ ਹਰਬੰਸ ਸੋਢੀ, ਸੁਰਿੰਦਰ ਕੌਰ, ਪ੍ਰੀਤਮ ਸਿੰਘ, ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ ਤੇ ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ ਸ਼ਾਮਿਲ ਸਨ।

ਹਰਬੰਸ ਸੋਢੀ ਨੇ ਕਿਹਾ ਕਿ ਇਹ ਪੁਸਤਕ ਗਿਆਨੀ ਗੁਰਦਿੱਤ ਸਿੰਘ ਦੀ 'ਮੇਰਾ ਪਿੰਡ' ਅਤੇ ਕ੍ਰਿਸ਼ਨਾ ਸੋਬਤੀ ਦੀ 'ਜ਼ਿੰਦਗੀਨਾਮਾ' ਦਾ ਰਲਿਆ ਮਿਲਿਆ ਰੂਪ ਹੈ ਜਿਸ ਵਿੱਚ ਲੇਖਕ ਨੇ ਰੋਚਕ ਬਿਰਤਾਂਤ ਸਿਰਜਿਆ ਹੈ। ਪ੍ਰਸਿੱਧ ਕਵਿੱਤਰੀ ਰਾਜਿੰਦਰ ਕੌਰ ਨੇ ਡਾ. ਪਤੰਗ ਨਾਲ਼ ਆਪਣੀ ਪੁਰਾਣੀ ਸਾਂਝ ਦਾ ਜ਼ਿਕਰ ਕਰਦਿਆਂ ਗੱਲ ਕੀਤੀ। ਚਿੰਤਕ ਗੁਰਨਾਮ ਕੰਵਰ ਨੇ ਆਖਿਆ ਕਿ ਬਚਪਨ ਦੀਆਂ ਬਹੁਤ ਸਾਰੀਆਂ ਯਾਦਾਂ 'ਕੱਠੀਆਂ ਕਰਕੇ ਅਵਤਾਰ ਸਿੰਘ ਪਤੰਗ ਨੇ ਬਾਕਮਾਲ ਪੁਸਤਕ ਦੀ ਸਿਰਜਣਾ ਕੀਤੀ ਹੈ।

ਲੇਖਿਕਾ ਯਤਿੰਦਰ ਮਾਹਲ ਨੇ ਕਿਹਾ ਕਿ ਸਮਾਜ ਦੇ ਵਿਸਰ ਰਹੇ ਰਸਮੋਂ ਰਿਵਾਜ ਇਸ ਪੁਸਤਕ ਰਾਹੀਂ ਬਾਖੂਬੀ ਉਜਾਗਰ ਹੋਏ ਹਨ। ਲੇਖਕ ਦਰਸ਼ਨ ਸਿੱਧੂ ਨੇ ਕਿਹਾ ਕਿ ਲੇਖਕ ਨੇ ਪਿੰਡੇ 'ਤੇ ਹੰਢਾਏ ਅਨੁਭਵ ਵਿਅੰਗਾਤਮਕ ਅਤੇ ਰਿਸ਼ਤਿਆਂ ਦੇ ਰੰਗਾਂ ਰਾਹੀਂ ਦਰਸਾਏ ਹਨ। ਸ਼ਿ?ਰੋਮਣੀ ਸਾਹਿਤਕਾਰ ਮਨਮੋਹਨ ਸਿੰਘ ਦਾਊਂ ਨੇ ਕਿਹਾ ਕਿ ਲੋਕ ਸਾਹਿਤ ਰਾਹੀਂ ਹੋਈ ਪਾਤਰ ਉਸਾਰੀ ਨੂੰ ਅਵਤਾਰ ਸਿੰਘ ਪਤੰਗ ਨੇ ਸੰਵੇਦਨਸ਼ੀਲ ਹੁੰਦਿਆਂ ਲੇਖਣੀ ਦਾ ਹਿੱਸਾ ਬਣਾਇਆ ਹੈ। ਉੱਘੇ ਕਹਾਣੀਕਾਰ ਪਰਮਜੀਤ ਮਾਨ ਨੇ ਕਿਹਾ ਕਿ ਲੇਖਕ ਦੀ ਕਲਪਨਾ ਉਡਾਰੀ ਬੇਹਤਰੀਨ ਹੈ। ਸਭਿਆਚਾਰਕ ਵਿਸ਼ੇ ਦੇ ਮਾਹਿਰ ਜਲੌਰ ਸਿੰਘ ਖੀਵਾ ਨੇ ਕਿਹਾ ਕਿ ਮਨੁੱਖ ਹਮੇਸ਼ਾ ਅਤੀਤ ਵਿੱਚ ਜਿਉਂਦਾ ਹੈ ਅਤੇ ਹਰ ਦੌਰ ਦਾ ਇੱਕ ਆਪਣਾ ਸਭਿਆਚਾਰ ਹੁੰਦਾ ਹੈ। 'ਗੱਲਾ ਉਨ੍ਹਾਂ ਦਿਨਾਂ ਦੀ' ਪੁਸਤਕ ਦੇ ਲੇਖਕ ਡਾ. ਅਵਤਾਰ ਸਿੰਘ ਪਤੰਗ ਨੇ ਆਖਿਆ ਕਿ ਜ਼ਮਾਨੇ ਨਾਲ਼ ਲੋਕ ਬਦਲਦੇ ਹਨ ਅਤੇ ਲੋਕਾਂ ਨਾਲ਼ ਜ਼ਮਾਨਾ ਬਦਲਦਾ ਹੈ ਪਰ ਅੰਦਰ ਪਿਆ ਬਹੁਤ ਕੁਝ ਸਾਨੂੰ ਪ੍ਰੇਰਿਤ ਕਰਦਾ ਹੈ ਕਿ ਇਸ ਨੂੰ ਸ਼ਬਦੀ ਰੂਪ ਦਿੱਤਾ ਜਾਵੇ। ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ ਨੇ ਕਿਹਾ ਕਿ ਬਚਪਨ ਦੀਆਂ ਯਾਦਾਂ ਸਾਡਾ ਸਰਮਾਇਆ ਹੁੰਦੀਆਂ ਹਨ। ਮੁੱਖ ਮਹਿਮਾਨ ਵਜੋਂ ਬੋਲਦਿਆਂ ਡਾ. ਦੀਪਕ ਮਨਮੋਹਨ ਸਿੰਘ ਨੇ ਕਿਹਾ ਕਿ ਇਸ ਪੁਸਤਕ ਨੇ ਉਹਨਾਂ ਨੂੰ ਹਲੂਣ ਕੇ ਰੱਖ ਦਿੱਤਾ ਤੇ ਕਿੰਨੇ ਹੀ ਵਾਕਿਆਤ ਫ਼ਿਲਮ ਵਾਂਗ ਅੱਗੇ ਆ ਖੜੋਤੇ। ਪ੍ਰਧਾਨਗੀ ਭਾਸ਼ਣ ਵਿੱਚ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਲੇਖਕ ਨੇ ਸਾਹਿਤ ਦੀ ਹਰ ਵਿਧਾ ਵਿੱਚ ਸਿਰਜਣਾਤਮਕ ਕੰਮ ਕਰਕੇ ਇੱਕ ਵਿਲੱਖਣ ਮੁਕਾਮ ਹਾਸਿਲ ਕੀਤਾ ਹੈ।

ਜਿਨ੍ਹਾਂ ਅਦਬੀ ਸ਼ਖ਼ਸੀਅਤਾਂ ਦੀ ਇਸ ਸਮਾਗਮ ਵਿੱਚ ਵਿਸ਼ੇਸ਼ ਆਮਦ ਦਰਜ ਕੀਤੀ ਗਈ ਉਹਨਾਂ ਵਿੱਚ ਬਲਬੀਰ ਸਿੰਘ, ਗੁਰਮੇਲ ਸਿੰਘ ਮੋਜੋਵਾਲ, ਸੁਰਿੰਦਰ ਕੌਰ, ਸਰਬਜੀਤ ਸਿੰਘ ਪੱਡਾ, ਮੇਜਰ ਸਿੰਘ ਪੰਜਾਬੀ, ਪ੍ਰਹਲਾਦ ਸਿੰਘ, ਦਰਸ਼ਨ ਸਿੰਘ ਸਿੱਧੂ, ਪਰਮਜੀਤ ਕੌਰ, ਚਰਨਜੀਤ ਕੌਰ ਬਾਠ, ਸੁਖਵਿੰਦਰ ਸਿੰਘ, ਰਾਜਿੰਦਰ ਸਿੰਘ ਧੀਮਾਨ, ਜਗਦੀਪ ਸਿੱਧੂ, ਰਾਜਿੰਦਰ ਕੌਰ, ਸਰਬਜੀਤ ਸਿੰਘ, ਮਲਕੀਤ ਸਿੰਘ ਨਾਗਰਾ, ਜਸਬੀਰ ਪਾਲ ਸਿੰਘ, ਹਰਜੀਤ ਸਿੰਘ ਗੁਲਾਟੀ, ਡਾ. ਲਾਭ ਸਿੰਘ ਖੀਵਾ, ਵਰਿੰਦਰ ਸਿੰਘ ਚੱਠਾ, ਗੁਰਦੇਵ ਸਿੰਘ ਗਿੱਲ, ਡਾ. ਹਰਬੰਸ ਕੌਰ ਗਿੱਲ, ਦਰਸ਼ਨ ਤਿਉਣਾ, ਜੋਧ ਸਿੰਘ, ਸੁਖਦੇਵ ਸਿੰਘ, ਊਸ਼ਾ ਕੰਵਰ, ਸੁਖਵਿੰਦਰ ਰਛੀਕ, ਗੁਰਮੀਤ ਸਿੰਘ ਸਿੰਗਲ, ਲਿਬਰੇਟ, ਪ੍ਰੀਤਮ ਸਿੰਘ ਚੰਡੀਗੜ੍ਹ, ਜਤਿੰਦਰ ਸਿੰਘ, ਵਿਜੇ ਕੁਮਾਰ, ਡਾ. ਰਜਿੰਦਰ ਰੇਨੂੰ, ਪਰਮਿੰਦਰ ਸਿੰਘ ਮਦਾਨ, ਮਹਿੰਦਰ ਸਿੰਘ, ਹਰਜਿੰਦਰ ਸਿੰਘ ਪੰਨੂ, ਜਸਵਿੰਦਰ ਸਿੰਘ ਕਾਇਨੌਰ, ਰਣਜੀਤ ਕੌਰ ਕਾਇਨੌਰ, ਇੰਦਰਜੀਤ ਪਰੇਮੀ, ਅਮਰਾਓ ਗਿੱਲ, ਸਵੈਰਾਜ ਸੰਧੂ, ਰੇਖਾ ਮਿੱਤਲ, ਪੁਸ਼ਪਿੰਦਰ ਕੌਰ, ਜਸਜੋਤ ਕੌਰ, ਪ੍ਰਵੀਨ ਵਰਮਾ ਖਿੱਪਲ, ਅਜਾਇਬ ਔਜਲਾ, ਮਨਜੀਤ ਸਿੰਘ ਖਹਿਰਾ, ਭਰਪੂਰ ਸਿੰਘ ਅਤੇ ਗਗਨਦੀਪ ਸਿੰਘ ਸ਼ਾਮਿਲ ਹਨ।

ਚੰਡੀਗੜ੍ਹ ਵਿੱਚ ਵਿਸ਼ੇਸ਼ ਲੋਕ ਅਦਾਲਤ ਵਿੱਚ 1,039 ਤੋਂ ਵੱਧ ਮਾਮਲਿਆਂ ਦਾ ਨਿਪਟਾਰਾ

4,63,31,000 ਦੀ ਰਾਸ਼ੀ ਦੇ ਸਮਝੌਤੇ

ਪੈ.ਗਾਮ-ਏ-ਜਗਤ
ਚੰਡੀਗੜ੍ਹ, 21 ਨਵੰਬਰ, (ਹਰਮਿੰਦਰ ਸਿੰਘ ਨਾਗਪਾਲ)

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਿਟੀ ਦੀ ਸਰਪ੍ਰਸਤੀ ਵਿੱਚ ਅਤੇ ਮਾਣਯੋਗ ਸ਼੍ਰੀ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ, ਚੀਫ਼ ਜਸਟਿਸ-ਅਤੇ-ਮੁੱਖ ਸਰਪ੍ਰਸਤ, ਸਟੇਟ ਲੀਗਲ ਸਰਵਿਸਿਜ਼ ਅਥਾਰਿਟੀ, ਯੂ.ਟੀ. ਚੰਡੀਗੜ੍ਹ ਅਤੇ ਮਾਣਯੋਗ ਸ਼੍ਰੀ ਜਸਟਿਸ ਅਨੂਪ ਚਿਤਕਾਰਾ, ਕਾਰਜਕਾਰੀ ਚੇਅਰਮੈਨ, ਸਟੇਟ ਲੀਗਲ ਸਰਵਿਸਿਜ਼ ਅਥਾਰਿਟੀ, ਯੂ.ਟੀ. ਚੰਡੀਗੜ੍ਹ ਦੇ ਮਾਰਗਦਰਸ਼ਨ ਵਿੱਚ ਅੱਜ ਜ਼ਿਲ੍ਹਾ ਅਦਾਲਤ ਕੰਪਲੈਕਸ, ਸੈਕਟਰ 43, ਚੰਡੀਗੜ੍ਹ ਵਿੱਚ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਦਾ ਆਯੋਜਨ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਦੁਆਰਾ ਸੰਯੁਕਤ ਤੌਰ 'ਤੇ ਕੀਤਾ ਗਿਆ। ਵਿਸ਼ੇਸ਼ ਲੋਕ ਅਦਾਲਤ ਲਈ ਸੇਵਾਰਤ ਨਿਆਂਇਕ ਅਧਿਕਾਰੀਆਂ ਦੀ ਅਗਵਾਈ ਵਿੱਚ ਸਤਾਰਾਂ ਬੈਂਚਾਂ ਦਾ ਗਠਨ ਕੀਤਾ ਗਿਆ। ਇਨ੍ਹਾਂ ਵਿੱਚ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਦੀ ਧਾਰਾ 138 ਦੇ ਤਹਿਤ ਆਉਣ ਵਾਲੇ ਮਾਮਲੇ, ਮੋਟਰ ਐਕਸੀਡੈਂਟ ਦਾਅਵੇ, ਵਿਵਾਹਿਕ ਵਿਵਾਦ ਅਤੇ ਟ੍ਰੈਫਿਕ ਚਲਾਨਾਂ ਨਾਲ ਸਬੰਧਿਤ ਮਾਮਲੇ ਸੁਣਵਾਈ ਲਈ ਰੱਖੇ ਗਏ। ਧਿਰਾਂ ਦੀ ਆਪਸੀ ਸਹਿਮਤੀ ਨਾਲ 1,039 ਤੋਂ ਅਧਿਕ ਮਾਮਲਿਆਂ ਦਾ ਨਿਪਟਾਰਾ ਕੀਤਾ ਗਿਆ, ਜਿਨ੍ਹਾਂ ਵਿੱਚ 4,63,31,000 ਦੀ ਰਾਸ਼ੀ ਦੇ ਸਮਝੌਤੇ ਹੋਏ।



ਕੰਵਲਜੀਤ ਸਿੰਘ ਬਾਜਵਾ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਅਤੇ-ਚੇਅਰਮੈਨ,ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਨੇ ਵਿਭਿੰਨ ਬੈਂਚਾਂ ਦਾ ਦੌਰਾ ਕੀਤਾ ਅਤੇ ਧਿਰਾਂ ਨਾਲ ਗੱਲਬਾਤ ਕੀਤੀ। ਇੱਕ ਵਿਵਾਹਿਕ ਵਿਵਾਦ ਵਿੱਚ ਧਿਰਾਂ ਨੂੰ ਸਮਝਾਉਂਦੇ ਹੋਏ ਉਨ੍ਹਾਂ ਨੇ ਉਨ੍ਹਾਂ ਨੂੰ ਦੋਸ਼ਾਂ-ਜਵਾਬੀ ਦੋਸ਼ਾਂ ਤੋਂ ਅੱਗੇ ਵਧ ਕੇ ਮਾਨਸਿਕ ਸ਼ਾਂਤੀ ਲਈ ਆਪਸੀ ਸਹਿਮਤੀ ਨਾਲ ਸਮਾਧਾਨ ਤਲਾਸ਼ਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਇੱਕ-ਦੂਸਰੇ ਦੇ ਵਿਰੁੱਧ ਦੋਸ਼ ਸਿੱਧ ਕਰਨ ਨਾਲ ਵੀ ਅੰਤ ਵਿੱਚ ਕਿਸੇ ਧਿਰ ਨੂੰ ਲਾਭ ਨਹੀਂ ਮਿਲ ਸਕਦਾ। ਉਨ੍ਹਾਂ ਨੇ ਕਿਹਾ, ÷ਸ਼ਾਂਤੀ ਲਈ ਚੁਕਾਈ ਗਈ ਕੋਈ ਵੀ ਕੀਮਤ ਘੱਟ ਹੈ।÷

ਗਾਂਧੀਵਾਦੀ ਸਿਧਾਂਤਾਂ 'ਤੇ ਅਧਾਰਿਤ ਲੋਕ ਅਦਾਲਤਾਂ ਵਿਵਾਦਾਂ ਦੇ ਸੁਹਿਰਦ ਨਿਪਟਾਰੇ ਲਈ ਇੱਕ ਅਤਿਰਿਕਤ ਮੰਚ ਪ੍ਰਦਾਨ ਕਰਦੀਆਂ ਹਨ ਅਤੇ ਸੁਲਭ ਨਿਆਂ ਸੁਨਿਸ਼ਚਿਤ ਕਰਨ ਵਿੱਚ ਅਦਾਲਤਾਂ ਦੀ ਸਹਾਇਤਾ ਕਰਦੀਆਂ ਹਨ। ਕੰਵਲਜੀਤ ਸਿੰਘ ਬਾਜਵਾ ਅਤੇ ਸ਼੍ਰੀ ਸੁਨੀਲ ਕੁਮਾਰ, ਮੁੱਖ ਨਿਆਂਇਕ ਮੈਜਿਸਟ੍ਰੇਟ-ਅਤੇ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਨੇ ਲੋਕ ਅਦਾਲਤ ਦੇ ਸਫ਼ਲ ਆਯੋਜਨ ਵਿੱਚ ਯੋਗਦਾਨ ਦੇਣ ਵਾਲੇ ਸਾਰੇ ਲੋਕਾਂ ਦਾ ਧੰਨਵਾਦ ਕੀਤਾ।ਉਨ੍ਹਾਂ ਨੇ ਮੁਕੱਦਮੇਬਾਜ਼ਾਂ ਨੂੰ ਆਪਣੇ ਵਿਵਾਦਾਂ ਦਾ ਸਮਾਧਾਨ ਲੋਕ ਅਦਾਲਤਾਂ ਦੇ ਜ਼ਰੀਏ ਕਰਵਾਉਣ ਦੀ ਅਪੀਲ ਵੀ ਕੀਤੀ, ਕਿਉਂਕਿ ਇਹ ਤੀਬਰ ਅਤੇ ਕਿਫ਼ਾਇਤੀ ਨਿਆਂ ਪ੍ਰਦਾਨ ਕਰਦੀਆਂ ਹਨ।

ਮਰਹੂਮ ਫੂਲ ਚੰਦ ਮੁਲਾਣਾ ਨੂੰ ਸਰਕਾਰੀ ਸਨਮਾਨਾਂ ਨਾਲ ਦਿੱਤੀ ਅੰਤਿਮ ਵਿਦਾਇਗੀ

ਪੈ.ਗਾਮ-ਏ-ਜਗਤ/ਅੰਬਾਲਾ
21 ਨਵੰਬਰ (ਆਰ.ਸਿੰਘ)

ਹਰਿਆਣਾ ਕਾਂਗਰਸ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਕੈਬਨਿਟ ਮੰਤਰੀ ਚੌਧਰੀ ਫੂਲ ਚੰਦ ਮੁਲਾਣਾ ਦਾ ਅੱਜ ਅੰਬਾਲਾ ਸ਼ਹਿਰ ਦੇ ਰਾਮਬਾਗ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।



ਇਸ ਮੌਕੇ ਤੇ ਕਾਂਗਰਸ ਦੇ ਸੂਬਾ ਪ੍ਰਧਾਨ ਰਾਓ ਨਰਿੰਦਰ ਸਿੰਘ, ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ, ਸੰਸਦ ਮੈਂਬਰ ਦੀਪੇਂਦਰ ਹੁੱਡਾ, ਵਿਧਾਇਕ ਅਸ਼ੋਕ ਅਰੋੜਾ, ਸੀਨੀਅਰ ਨੇਤਾ ਬੀਰੇਂਦਰ ਸਿੰਘ, ਕਾਲਕਾ ਦੀ ਵਿਧਾਇਕ ਸ਼ਕਤੀ ਰਾਣੀ ਸ਼ਰਮਾ, ਸਾਬਕਾ ਵਿਧਾਨ ਸਭਾ ਸਪੀਕਰ ਗਿਆਨ ਚੰਦ ਗੁਪਤਾ, ਅੰਬਾਲਾ ਦੀ ਮੇਅਰ ਅਕਸ਼ਿਤਾ ਸੈਣੀ, ਵਿਧਾਇਕ ਨਿਰਮਲ ਸਿੰਘ ਅਤੇ ਚਿਤਰਾ ਸਰਵਾਰਾ ਸਮੇਤ ਕਈ ਹੋਰ ਆਗੂ ਮੌਜੂਦ ਸਨ। ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ, ਜਿਨ੍ਹਾਂ ਵਿੱਚ ਕਈ ਰਾਜਨੀਤਿਕ, ਸਮਾਜਿਕ ਅਤੇ ਵੱਖ-ਵੱਖ ਖੇਤਰਾਂ ਦੀਆਂ ਹੋਰ ਸ਼ਖ਼ਸੀਅਤਾਂ ਸ਼ਾਮਲ ਸਨ, ਨੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਦੇ ਅੰਤਿਮ ਸੰਸਕਾਰ ਦੌਰਾਨ ਮਾਹੌਲ ਗ਼ਮਗੀਨ ਸੀ।

85 ਸਾਲਾ ਚੌਧਰੀ ਫੂਲ ਚੰਦ ਮੁਲਾਣਾ ਦਾ ਕੱਲ੍ਹ ਸਵੇਰੇ 9 ਵਜੇ ਦੇ ਕਰੀਬ ਮੋਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਦੇਹਾਂਤ ਹੋ ਗਿਆ। ਉਹ ਲੰਬੇ ਸਮੇਂ ਤੋਂ ਗੁਰਦੇ ਦੀ ਬਿਮਾਰੀ ਤੋਂ ਪੀੜਤ ਸਨ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਨੇ ਹਰਿਆਣਾ ਕਾਂਗਰਸ ਦੀ ਰਾਜਨੀਤੀ ਵਿੱਚ ਸੋਗ ਦੀ ਲਹਿਰ ਫੈਲਾ ਦਿੱਤੀ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਦੁਪਹਿਰ 12 ਵਜੇ ਅੰਬਾਲਾ ਸ਼ਹਿਰ ਦੇ ਰਾਮਬਾਗ ਵਿਖੇ ਕੀਤਾ ਗਿਆ। ਲੋਕਾਂ ਨੇ ਉਨ੍ਹਾਂ ਨੂੰ ਹੰਝੂਆਂ ਨਾਲ ਵਿਦਾਇਗੀ ਦਿੱਤੀ। ਚੌਧਰੀ ਫੂਲ ਚੰਦ ਮੁਲਾਣਾ ਹਰਿਆਣਾ ਕਾਂਗਰਸ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਨਿਭਾਉਣ ਵਾਲੇ ਸੂਬਾ ਪ੍ਰਧਾਨਾਂ ਵਿੱਚੋਂ ਇੱਕ ਸਨ। ਉਨ੍ਹਾਂ ਨੇ ਅਗਸਤ 2007 ਤੋਂ ਫਰਵਰੀ 2014 ਤੱਕ ਲਗਭਗ ਸਾਢੇ ਛੇ ਸਾਲ ਸੂਬਾ ਕਾਂਗਰਸ ਦੀ ਅਗਵਾਈ ਕੀਤੀ। ਉਹ ਚਾਰ ਵਾਰ ਵਿਧਾਇਕ ਚੁਣੇ ਗਏ ਅਤੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਦੀ ਸਰਕਾਰ ਵਿੱਚ ਕੈਬਨਿਟ ਮੰਤਰੀ ਵਜੋਂ ਸੇਵਾ ਨਿਭਾਈ। ਉਨ੍ਹਾਂ ਦਾ ਪੁੱਤਰ ਵਰੁਣ ਚੌਧਰੀ ਇਸ ਸਮੇਂ ਅੰਬਾਲਾ ਤੋਂ ਕਾਂਗਰਸ ਦਾ ਸੰਸਦ ਮੈਂਬਰ ਹੈ ਜਦੋਂ ਕਿ ਨੂੰਹ ਪੂਜਾ ਚੌਧਰੀ ਮੁਲਾਣਾ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਹੈ।

ਅੰਤਿਮ ਸੰਸਕਾਰ ਤੋਂ ਪਹਿਲਾਂ ਰਾਜ ਸਨਮਾਨ ਦਾ ਮੁੱਦਾ ਵੀ ਉੱਠਿਆ। ਕਾਂਗਰਸ ਦੇ ਸੂਬਾ ਪ੍ਰਧਾਨ ਰਾਓ ਨਰਿੰਦਰ ਸਿੰਘ ਨੇ ਪ੍ਰੋਟੋਕਾਲ ਅਨੁਸਾਰ ਰਾਜ ਸੋਗ ਦਾ ਐਲਾਨ ਨਾ ਕਰਨ 'ਤੇ ਇਤਰਾਜ਼ ਜਤਾਇਆ ਅਤੇ ਅਧਿਕਾਰੀਆਂ ਨਾਲ ਫੋਨ 'ਤੇ ਗੱਲ ਕੀਤੀ। ਅਧਿਕਾਰੀਆਂ ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਅੰਤਿਮ ਸੰਸਕਾਰ ਦੌਰਾਨ ਫੂਲ ਚੰਦ ਮੁਲਾਣਾ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ।

ਏਂਜਲ ਕਾਨਵੈਂਟ ਸਕੂਲ ਮੁਕੇਰੀਆਂ ਵਿਖੇ ਸਾਲਾਨਾ ਸਪੋਰਟਸ ਮੀਟ-2026 ਬੜੀ ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਸੰਪੰਨ

ਪੈ.ਗਾਮ-ਏ-ਜਗਤ
ਮੁਕੇਰੀਆਂ, (ਡਾ ਰਣਜੀਤ ਸਿੰਘ)

ਏਂਜਲ ਕਾਨਵੈਂਟ ਸਕੂਲ ਵਿਖੇ ਸਾਲਾਨਾ ਸਪੋਰਟਸ ਮੀਟ-2026 ਦਾ ਆਯੋਜਨ ਬੜੀ ਹੀ ਸ਼ਾਨੋ-ਸ਼ੌਕਤ, ਉਤਸ਼ਾਹ ਅਤੇ ਧੂਮ-ਧਾਮ ਨਾਲ ਕੀਤਾ ਗਿਆ। ਇਹ ਪੂਰਾ ਖੇਡ ਸਮਾਗਮ ਸਕੂਲ ਦੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਦੀ ਯੋਗ ਅਗਵਾਈ ਅਤੇ ਸੁਚੱਜੇ ਪ੍ਰਬੰਧਾਂ ਹੇਠ ਨੇਪਰੇ ਚਾੜ੍ਹਿ ਆ ਗਿਆ।

ਇਸ ਖੇਡ ਸਮਾਰੋਹ ਵਿੱਚ ਸਰਦਾਰ ਸਰਬਜੋਤ ਸਿੰਘ ਸਾਬੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਏਂਜਲ ਗਰੁੱਪ ਆਫ਼ ਇੰਸਟੀਚਿਊਟਸ ਦੇ ਡਾਇਰੈਕਟਰ ਸ਼੍ਰੀਮਤੀ ਹਿਮਾਦਰੀ ਘੋਰਾਏ, ਏਂਜਲ ਕਾਨਵੈਂਟ ਸਕੂਲ ਦੇ ਡਾਇਰੈਕਟਰ ਮੈਡਮ ਅਰਪਿੰਦਰ ਅਤੇ ਆਸ-ਪਾਸ ਦੇ ਪਿੰਡਾਂ ਦੇ ਸਰਪੰਚ ਸਾਹਿਬਾਨ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜ਼ਰੀ ਭਰੀ।